सत्यमेव जयते

# ਪੰਜਾਬ ਦੇ ਰਾਜਪਾਲ

# ਸ਼੍ਰੀ ਬਨਵਾਰੀਲਾਲ ਪੁਰੋਹਿਤ

ਵੱਲੋਂ

## ਵਿਧਾਨ ਸਭਾ

ਵਿੱਚ

## ਮਿਤੀ 21 ਮਾਰਚ, 2022 ਦਿਨ ਸੋਮਵਾਰ

ਨੂੰ ਦਿੱਤਾ ਗਿਆ

# ਭਾਸ਼ਣ

**ਮਾਣਯੋਗ ਸਪੀਕਰ ਸਾਹਿਬ ਅਤੇ ਸਤਿਕਾਰਯੋਗ ਮੈਂਬਰ ਸਾਹਿਬਾਨ,**

ਮੈਂ 16ਵੀਂ ਪੰਜਾਬ ਵਿਧਾਨ ਸਭਾ ਦੇ ਉਦਘਾਟਨੀ ਇਜਲਾਸ ਮੌਕੇ ਆਪ ਸਾਰਿਆਂ ਦਾ ਦਿਲੋਂ ਨਿੱਘਾ ਸੁਆਗਤ ਕਰਦਾ ਹਾਂ ਅਤੇ ਆਮ ਚੋਣਾਂ ਵਿੱਚ ਤੁਹਾਡੀ ਸਫਲਤਾ ਲਈ ਤੁਹਾਨੂੰ ਸਾਰਿਆਂ ਨੂੰ ਵਧਾਈ ਦਿੰਦਾ ਹਾਂ।

2. ਸਭ ਤੋਂ ਪਹਿਲਾਂ, ਮੈਂ ਰਾਜ ਵਿੱਚ ਹਾਲ ਹੀ ਵਿੱਚ ਮੁਕੰਮਲ ਹੋਈਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੇ ਲੋਕਾਂ ਦੇ ਸ਼ਾਨਦਾਰ ਸਪੱਸ਼ਟ ਨਜ਼ਰੀਏ ਲਈ ਉਨ੍ਹਾਂ ਦਾ ਧੰਨਵਾਦ ਕਰਨਾ ਚਾਹਾਂਗਾ। ਇਹ ਬਹੁਤ ਹੀ ਤਸੱਲੀ ਵਾਲੀ ਗੱਲ ਹੈ ਕਿ ਚੋਣ ਪ੍ਰਕਿਰਿਆ ਸੁਤੰਤਰ ਅਤੇ ਨਿਰਪੱਖ ਢੰਗ ਨਾਲ ਸੰਪੂਰਣ ਹੋਈ। ਇਸ ਦਾ ਸਿਹਰਾ ਪੰਜਾਬ ਦੇ ਲੋਕਾਂ, ਰਾਜ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਭਾਰਤੀ ਚੋਣ ਕਮਿਸ਼ਨ ਨੂੰ ਜਾਂਦਾ ਹੈ।

3. ਪੰਜਾਬ ਦੇ ਲੋਕਾਂ ਨੇ ਬਦਲਾਅ ਲਈ ਵੱਡੀ ਗਿਣਤੀ ਵਿੱਚ ਵੋਟਾਂ ਪਾਈਆਂ ਹਨ ਅਤੇ ਸਾਡੀ ਸਰਕਾਰ ਨੂੰ ਇਤਿਹਾਸਕ ਫਤਵਾ ਦਿੱਤਾ ਹੈ। ਉਨ੍ਹਾਂ ਦਾ ਇਹ ਫਤਵਾ ਆਸ ਅਤੇ ਅਰਮਾਨਾਂ ਦਾ ਹੈ। ਉਨ੍ਹਾਂ ਨੇ ਨਾ ਸਿਰਫ਼ ਸ਼ਾਸਨ ਲਈ ਇੱਕ ਨਵੀਂ ਦਿਸ਼ਾ ਵਿੱਚ ਭਰੋਸਾ ਜਤਾਇਆ ਹੈ, ਸਗੋਂ ਇੱਕ ਨਵੇਂ ਰਾਜਨੀਤਿਕ ਸੱਭਿਆਚਾਰ ਵਿੱਚ ਵੀ ਵਿਸ਼ਵਾਸ ਪ੍ਰਗਟ ਕੀਤਾ ਹੈ ਜੋ ਸਾਡੇ ਵਿਚਾਰਾਂ, ਕੰਮਾਂ ਅਤੇ ਨੀਤੀਆਂ ਨੂੰ ਨਾਗਰਿਕਾਂ ਤੇ ਕੇਂਦ੍ਰਿਤ ਹੋਣ ਦੀ ਲੋੜ ਤੇ ਜ਼ੋਰ ਦਿੰਦਾ ਹੈ। ਇਹ ਸੱਚਮੁੱਚ ਇੱਕ ਅਹਿਮ ਸਮਾਂ ਹੈ ਕਿਉਂਕਿ ਰਾਜ ਦੇ ਲੋਕਾਂ ਨੇ ਰਾਜ ਅਤੇ ਦੇਸ਼ ਵਿੱਚ ਲੋਕਤੰਤਰ ਦੇ ਇਤਿਹਾਸ ਵਿੱਚ ਇੱਕ ਨਵਾਂ ਅਧਿਆਇ ਲਿਖਿਆ ਹੈ।

4. ਸਾਡੀ ਸਰਕਾਰ ਬੜੀ ਹਲੀਮੀ ਅਤੇ ਵੱਡੀ ਆਸ ਨਾਲ, ਪੰਜਾਬ ਦੇ ਲੋਕਾਂ ਦੁਆਰਾ ਦਿੱਤੇ ਗਏ ਫਤਵੇ ਨੂੰ ਕਬੂਲ ਕਰਦੀ ਹੈ। ਇਹ ਇਕ ਅਜਿਹਾ ਫ਼ਤਵਾ ਹੈ ਜੋ ਜਾਤ, ਵਰਗ, ਲਿੰਗ ਜਾਂ ਧਰਮ ਦੀ ਪਰਵਾਹ ਕੀਤੇ ਬਿਨਾਂ ਆਮ ਆਦਮੀ ਦੇ ਸੁਪਨਿਆਂ ਅਤੇ ਇੱਛਾਵਾਂ ਨੂੰ ਪੂਰਾ ਕਰਦਾ ਹੈ। ਲੋਕਾਂ ਨੇ ਇਕਜੁੱਟਤਾ ਨਾਲ ਸ਼ਾਨਦਾਰ ਸੰਦੇਸ਼ ਦਿੱਤਾ ਹੈ। ਉਹ ਚਾਹੁੰਦੇ ਹਨ ਕਿ ਸਾਫ਼-ਸੁਥਰੀ ਰਾਜਨੀਤੀ ਤੋਂ ਉਪਜਿਆ ਸੁਚੱਜਾ ਸ਼ਾਸਨ ਹੋਵੇ ਅਤੇ ਇਸ ਦੀ ਪ੍ਰਾਪਤੀ ਲਈ ਉਨ੍ਹਾਂ ਨੇ ਸਿਆਸੀ ਪ੍ਰਕਿਰਿਆ

ਨਾਲ ਜੁੜਨ ਦੀ ਆਪਣੀ ਉਤਸੁਕਤਾ ਦਿਖਾਈ ਹੈ। ਨਿਰਾਸ਼ਾਵਾਦੀ ਦੌਰ ਵਿੱਚ, ਪੰਜਾਬ ਦੇ ਲੋਕ ਚੰਗੇ ਦਿਨਾਂ ਦੀ ਆਸ ਵਿੱਚ - ਰੰਗਲੇ ਪੰਜਾਬ ਦੀ ਮੁੜ ਬਹਾਲੀ ਦੀ ਉਮੀਦ ਵਿੱਚ ਇਨਕਲਾਬ ਲਿਆਉਣ ਲਈ ਇਕਜੁੱਟ ਹੋਏ ਹਨ।

5. ਸਾਡੀ ਸਰਕਾਰ ਦਾ ਮੰਨਣਾ ਹੈ ਕਿ ਪੰਜਾਬ ਨੂੰ ਇੱਕ ਸ਼ਬਦ ਵਿੱਚ ਪਰਿਭਾਸ਼ਿਤ ਕੀਤਾ ਜਾ ਸਕਦਾ ਹੈ: ਉਹ ਹੈ ਸਮਰੱਥਾ। ਸਾਡੀ ਸਰਕਾਰ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰੇਗੀ ਕਿ ਪੰਜਾਬ ਦੇ ਹਰ ਨਾਗਰਿਕ ਨੂੰ ਉਨ੍ਹਾਂ ਦੇ ਸੁਪਨਿਆਂ ਅਤੇ ਸਮਰੱਥਾਵਾਂ ਨੂੰ ਸਾਕਾਰ ਕਰਨ ਦਾ ਮੌਕਾ ਮਿਲੇ। ਇਸ ਲਈ ਆਪਣੀ ਇਸ ਸਮਰੱਥਾ ਨੂੰ ਸਾਕਾਰ ਕਰਨ ਲਈ ਸਾਨੂੰ ਭਵਿੱਖ ਵੱਲ ਦੇਖਦੇ ਹੋਏ ਅੱਗੇ ਵਧਣਾ ਹੋਵੇਗਾ।

ਅਜਿਹੇ ਪੰਜਾਬ ਵੱਲ ਅੱਗੇ ਵਧਣਾ ਹੋਵੇਗਾ, ਜਿੱਥੇ ਸਾਰਿਆਂ ਦਾ ਸਤਿਕਾਰ ਹੋਵੇ।

ਅਜਿਹੇ ਪੰਜਾਬ ਵੱਲ ਅੱਗੇ ਵਧਣਾ ਹੋਵੇਗਾ, ਜਿੱਥੇ ਹਰ ਇੱਕ ਲਈ ਰੁਜ਼ਗਾਰ ਹੋਵੇ।

ਅਜਿਹੇ ਪੰਜਾਬ ਵੱਲ ਅੱਗੇ ਵਧਣਾ ਹੋਵੇਗਾ, ਜਿੱਥੇ ਤਰੱਕੀ ਵਿਚ ਲੋਕਾਂ ਦੀ ਭਾਗੀਦਾਰੀ ਹੋਵੇ।

ਅਜਿਹੇ ਪੰਜਾਬ ਵੱਲ ਅੱਗੇ ਵਧਣਾ ਹੋਵੇਗਾ, ਜਿੱਥੇ ਸਾਡੀਆਂ ਇਸਤਰੀਆਂ ਮਹਿਫ਼ੂਜ਼ ਅਤੇ ਤੰਦਰੁਸਤ ਹੋਣ।

ਅਜਿਹੇ ਪੰਜਾਬ ਵੱਲ ਅੱਗੇ ਵਧਣਾ ਹੋਵੇਗਾ, ਜਿੱਥੇ ਸਾਡੇ ਕਿਸਾਨ ਖੁਸ਼ਹਾਲ ਹੋਣ ਅਤੇ ਉਨ੍ਹਾਂ ਦਾ ਸਤਿਕਾਰ ਹੋਵੇ।

ਅਜਿਹਾ ਪੰਜਾਬ, ਜੋ ਮਿਸਾਲ ਕਾਇਮ ਕਰਕੇ ਮੋਹਰੀ ਹੋਵੇ ਅਤੇ ਦੇਸ਼ ਦਾ ਨੰਬਰ ਇਕ (1) ਦਾ ਸੂਬਾ ਹੋਵੇ।

ਅਜਿਹਾ ਪੰਜਾਬ, ਜਿੱਥੇ ਸਾਡੇ ਭਵਿੱਖ ਦੀਆਂ ਜੜ੍ਹਾਂ ਵਿਚ ਸਾਡੀ ਪੰਜਾਬੀਅਤ ਹੋਵੇ।

ਅਜਿਹਾ ਪੰਜਾਬ, ਜੋ ਨਿਰਭੈ ਅਤੇ ਅਣਖ ਵਾਲਾ ਹੋਵੇ।

ਅਜਿਹੇ ਪੰਜਾਬ ਵੱਲ ਅੱਗੇ ਵਧਣਾ ਹੋਵੇਗਾ, ਜੋ ਆਪਣੇ ਲੋਕਾਂ ਦੀਆਂ ਆਸਾਂ ਪੂਰੀਆਂ ਕਰਦਾ ਹੋਵੇ।

ਅਜਿਹਾ ਪੰਜਾਬ, ਜੋ ਸ਼ਹੀਦ ਭਗਤ ਸਿੰਘ ਅਤੇ ਬਾਬਾ ਅੰਬੇਡਕਰ ਦੇ ਸੁਪਨਿਆਂ ਨੂੰ ਪੂਰਾ ਕਰਦਾ ਹੋਵੇ।

ਮੇਰੇ ਪੰਜਾਬ ਵਾਸੀਓ, ਇਹੀ ਸਾਡੀ ਸਰਕਾਰ ਦੀ ਤੁਹਾਡੇ ਪ੍ਰਤੀ ਵਚਨਬੱਧਤਾ ਹੈ, ਕਿ ਸਾਡੀ ਸਰਕਾਰ ਤੁਹਾਡੇ ਸੁਪਨਿਆਂ ਨੂੰ ਸਾਕਾਰ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰੇਗੀ।

ਕਿਉਂਕਿ ਪੰਜਾਬ ਦੀ ਜਿੰਦ-ਜਾਨ ਹਨ - ਇਸ ਦੇ ਵਸਨੀਕ।

ਸਾਡੀ ਸਰਕਾਰ ਮੰਨਦੀ ਹੈ ਕਿ ਲੋਕਤੰਤਰ ਵਿੱਚ ਲੋਕ ਹੀ ਰਾਜਾ ਹੁੰਦੇ ਹਨ (ਜਨਤਾ ਰਾਜ ਮੇਂ ਜਨਤਾ ਹੀ ਰਾਜਾ)। ਅਤੇ ਸਾਡੀ ਸਰਕਾਰ ਇਸੇ ਸਿਧਾਂਤ ਤੇ ਚੱਲੇਗੀ।

6. ਸਾਡੀ ਸਰਕਾਰ ਲੋਕਾਂ ਦੇ ਰੋਜ਼ਮਰਾ ਪ੍ਰਭਾਵਿਤ ਕਰਨ ਵਾਲੇ ਮੁੱਦਿਆਂ ਵਿੱਚ ਉਨ੍ਹਾਂ ਨੂੰ ਸ਼ਾਮਲ ਕਰਕੇ ਸਾਡੇ ਲੋਕਤੰਤਰ ਨੂੰ ਡੂੰਘਾ ਅਤੇ ਮਜ਼ਬੂਤ ਬਣਾਉਣ ਦਾ ਇਰਾਦਾ ਰੱਖਦੀ ਹੈ। ਸਾਡੀ ਸਰਕਾਰ ਦਾ ਮੰਨਣਾ ਹੈ ਕਿ ਇਕ ਸੁਚੱਜਾ ਸ਼ਾਸਨ ਸਮਾਜ ਦੇ ਸਾਰੇ ਤਬਕਿਆਂ ਦੀਆਂ ਚਿੰਤਾਵਾਂ ਨੂੰ ਦਰਸਾਉਂਦਾ ਹੋਵੇ। ਇਸੇ ਤਰ੍ਹਾਂ, ਵਿਕਾਸ ਵਿੱਚ ਹਰੇਕ ਨਾਗਰਿਕ ਦੀ ਭਲਾਈ ਸ਼ਾਮਲ ਹੋਣੀ ਚਾਹੀਦੀ ਹੈ। ਇੱਕ ਸੁਰੱਖਿਅਤ ਅਤੇ ਪ੍ਰਗਤੀਸ਼ੀਲ ਪੰਜਾਬ ਦਾ ਟੀਚਾ ਉਦੋਂ ਤੱਕ ਪ੍ਰਾਪਤ ਨਹੀਂ ਕੀਤਾ ਜਾ ਸਕਦਾ ਜਦੋਂ ਤੱਕ ਹਰ ਨਾਗਰਿਕ ਆਪਣੀ ਰੋਜ਼ੀ-ਰੋਟੀ, ਆਪਣੀ ਜੀਵਨ ਸ਼ੈਲੀ ਅਤੇ ਭਰੋਸੇ ਨੂੰ ਅੱਗੇ ਵਧਾਉਣ ਲਈ ਸੁਰੱਖਿਅਤ ਮਹਿਸੂਸ ਨਹੀਂ ਕਰਦਾ। ਸਾਡੀ ਸਰਕਾਰ ਦੀ ਇਹ ਕੋਸ਼ਿਸ਼ ਰਹੇਗੀ ਕਿ ਪੰਜਾਬ ਦੇ ਲੋਕਾਂ ਨਾਲ ਕੀਤੇ ਸਾਰੇ ਵਾਅਦਿਆਂ ਨੂੰ ਪੂਰਾ ਕੀਤਾ ਜਾਵੇ ਅਤੇ ਉਨ੍ਹਾਂ ਵੱਲੋਂ ਇਸ ਸਰਕਾਰ ਤੇ ਕੀਤੇ ਗਏ ਵਿਸ਼ਵਾਸ਼ ਤੇ ਖਰਾ ਉਤਰੇ।

7. ਪਿਛਲੇ ਪੰਜ ਸਾਲਾਂ ਵਿੱਚ ਲੋਕਾਂ ਅਤੇ ਸਰਕਾਰ ਵਿੱਚ ਦੇਖੀ ਗਈ ਦੂਰੀ ਚਿੰਤਾ ਦਾ ਵਿਸ਼ਾ ਹੈ। ਹਾਕਮ ਨਾ ਸਿਰਫ਼ ਆਮ ਲੋਕਾਂ ਤੋਂ ਸਗੋਂ ਆਪਣੇ ਨੁਮਾਇੰਦਿਆਂ ਦੀ

ਪਹੁੰਚ ਤੋਂ ਵੀ ਬਾਹਰ ਹੋ ਗਏ ਸਨ। ਉਹ ਆਪਣੇ ਆਪ ਨੂੰ 'ਮਾਲਕ' ਅਤੇ ਲੋਕਾਂ ਨੂੰ ਆਪਣੀ ਗੁਲਾਮ ਪਰਜਾ ਸਮਝਣ ਲੱਗ ਪਏ। ਇਹ ਲੋਕਤੰਤਰ ਦੀ ਮੂਲ ਧਾਰਨਾ ਦੇ ਖਿਲਾਫ਼ ਸੀ, ਜਿਸ ਵਿੱਚ ਸਿਰਫ਼ ਤੇ ਸਿਰਫ਼ ਲੋਕ ਹੀ ਮਾਲਕ ਹੁੰਦੇ ਹਨ ਅਤੇ ਸਰਕਾਰ ਵਿੱਚ ਬੈਠੇ ਲੋਕਾਂ ਨੂੰ ਇਕ ਇਮਾਨਦਾਰ ਸੇਵਕ ਵਜੋਂ ਕੰਮ ਕਰਨਾ ਪੈਂਦਾ ਹੈ। ਸਾਡੀ ਸਰਕਾਰ ਲਈ, ਪਹੁੰਚਯੋਗਤਾ ਉਹ ਮੀਲ ਪੱਥਰ ਹੈ ਜਿਸ ਉਤੇ ਲੋਕਾਂ ਨਾਲ ਭਰੋਸੇ ਅਤੇ ਆਪਸੀ ਪਿਆਰ ਦੇ ਰਿਸ਼ਤੇ ਦੀ ਨੀਂਹ ਟਿਕੀ ਹੋਈ ਹੈ। ਸਾਡੀ ਸਰਕਾਰ ਨਾ ਸਿਰਫ ਹਰ ਪੰਜਾਬੀ ਦਾ ਉਨ੍ਹਾਂ ਦੇ ਬੂਹੇ ਤੇ ਸਵਾਗਤ ਕਰਨਾ ਚਾਹੁੰਦੀ ਹੈ, ਸਗੋਂ ਸੂਬੇ ਦੇ ਹਰ ਕੋਨੇ-ਕੋਨੇ ਤੱਕ ਉਨ੍ਹਾਂ ਤੱਕ, ਖਾਸਤੌਰ ਤੇ ਗਰੀਬਾਂ ਤੱਕ, ਪਹੁੰਚਣਾ ਵੀ ਚਾਹੁੰਦੀ ਹੈ।

੪. ਸਾਡੀ ਸਰਕਾਰ ਲਈ ਚਿੰਤਾ ਦਾ ਇੱਕ ਵੱਡਾ ਖੇਤਰ ਰਾਜ ਦੇ ਮਾਮਲਿਆਂ ਵਿੱਚ ਨਿੱਜੀ ਅਤੇ ਸਿਆਸੀ ਪੱਧਰ ਤੇ ਕੁੜੱਤਣ ਦਾ ਇਲਾਜ ਕਰਨਾ ਹੈ। ਚਰਿੱਤਰ ਹੱਤਿਆ, ਜੋ ਕਦੇ ਵੀ ਪੰਜਾਬੀ ਸੱਭਿਆਚਾਰ ਦਾ ਹਿੱਸਾ ਨਹੀਂ ਸੀ, ਇਕ ਪਰੰਪਰਾ ਬਣ ਗਈ। ਇਹ ਰੁਝਾਨ ਪਿਛਲੇ ਸਾਲਾਂ ਦੌਰਾਨ ਪੰਜਾਬ ਵਿੱਚ ਦੇਖੀ ਗਈ ਟਕਰਾਅ ਵਾਲੀ ਸਿਆਸਤ ਦੀਆਂ ਜੜ੍ਹਾਂ ਵਿੱਚ ਵੀ ਸੀ। ਇਸ ਨਾਲ ਪੰਜਾਬ ਅਤੇ ਇਸ ਦੇ ਲੋਕਾਂ ਦੇ ਭਵਿੱਖ ਉਤੇ ਵਿਨਾਸ਼ਕਾਰੀ ਪ੍ਰਭਾਵ ਹੀ ਪੈ ਸਕਦੇ ਹਨ, ਕਿਉਂਕਿ ਇਸ ਨੇ ਸਿਰਫ਼ ਉਸ ਰਚਨਾਤਮਕ ਊਰਜਾ ਨੂੰ ਨਸ਼ਟ ਕੀਤਾ ਹੈ ਜੋ ਸੱਤਾਧਾਰੀ ਅਤੇ ਵਿਰੋਧੀ ਪਾਰਟੀਆਂ ਦੇ ਉਸਾਰੂ ਕਾਰਜਾਂ ਰਾਹੀਂ ਸਿਰਜੀ ਜਾ ਸਕਦੀ ਸੀ। ਸੂਬੇ ਦੇ ਲੋਕਾਂ ਨੇ ਵਿਆਪਕ ਪੰਜਾਬੀ ਬਹੁਮਤ ਦੇ ਆਧਾਰ ਤੇ ਸੁਸ਼ਾਸਨ ਅਤੇ ਵਿਕਾਸ ਦੇ ਏਜੰਡੇ ਦੇ ਹੱਕ ਵਿੱਚ ਵੋਟਾਂ ਪਾ ਕੇ ਇਸ ਟਕਰਾਅ ਵਾਲੀ ਬਿਰਤੀ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ। ਸਾਡੀ ਸਰਕਾਰ ਸੱਚਮੁੱਚ ਇਸ ਲੋਕਮੱਤ ਦਾ ਸਨਮਾਨ ਕਰਦੀ ਹੈ ਅਤੇ ਇਸ ਤੋਂ ਸੇਧ ਲੈਣ ਲਈ ਪ੍ਰਤੀਬੱਧ ਹੈ। ਸਾਡੀ ਸਰਕਾਰ ਕਾਨੂੰਨ ਦੇ ਰਾਜ ਲਈ ਵਚਨਬੱਧ ਹੈ ਅਤੇ ਕਾਨੂੰਨ ਆਪਣੇ ਆਪ ਕਿਸੇ ਵੀ ਵਧੀਕੀ ਨਾਲ ਨਜਿੱਠੇਗਾ। ਇਸ ਵਾਸਤੇ ਜਨਤਕ ਸ਼ਖਸੀਅਤਾਂ ਦੇ ਆਚਰਣ ਵਿੱਚ ਮਰਿਆਦਾ ਅਤੇ ਸਨਮਾਨ ਦੇ ਕੁਝ ਘੱਟੋ-ਘੱਟ ਮਾਪਦੰਡਾਂ ਤੇ ਸਮੁੱਚੀਆਂ ਧਿਰਾਂ ਦੀ ਸਹਿਮਤੀ ਦੀ ਲੋੜ ਹੋਵੇਗੀ।

9. ਸੂਬੇ ਦੇ ਲੋਕਾਂ ਨੇ ਸਮਾਜ ਵਿੱਚ ਫੈਲੇ ਭ੍ਰਿਸ਼ਟਾਚਾਰ ਦੇ ਖਿਲਾਫ ਵਾਰ-ਵਾਰ ਆਪਣੀ ਆਵਾਜ਼ ਪੁਰਜ਼ੋਰ ਢੰਗ ਨਾਲ ਬੁਲੰਦ ਕੀਤੀ ਹੈ। ਹਾਲ ਹੀ ਵਿੱਚ ਸੰਪੂਰਨ ਹੋਈਆਂ ਚੋਣਾਂ ਦਾ ਫੈਸਲਾ ਵੀ ਇਸ ਧੱਕੇਸ਼ਾਹੀ ਵਿਰੁੱਧ ਇਕ ਫਤਵਾ ਸੀ। ਸਮੱਸਿਆ ਦੇ ਲੱਛਣ ਸਾਹਮਣੇ ਹਨ, ਜਿਸ ਦੇ ਅਸਲ ਕਾਰਨ ਸਾਡੇ ਸਮਾਜ ਦੇ ਨੈਤਿਕ ਮਿਆਰਾਂ ਵਿੱਚ ਆਮ, ਸਰਬਪੱਖੀ ਅਤੇ ਵਿਆਪਕ ਪਤਨ ਵਿੱਚ ਪਸਰੇ ਹੋਏ ਹਨ। ਇਸ ਨੂੰ ਠੀਕ ਕਰਨ ਲਈ ਸਰਕਾਰ ਅਤੇ ਵਿਰੋਧੀ ਪਾਰਟੀਆਂ ਦੀ ਅਗਵਾਈ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜੰਗ ਛੇੜਨ ਲਈ ਇੱਕ ਵਿਸ਼ਾਲ ਸਮਾਜਿਕ ਅੰਦੋਲਨ ਸ਼ੁਰੂ ਕਰਨ ਦੀ ਲੋੜ ਹੈ। ਭ੍ਰਿਸ਼ਟਾਚਾਰ ਵਿਰੁੱਧ ਇਸ ਜੰਗ ਦੀ ਅਗਵਾਈ ਪੰਜਾਬ ਦੇ ਲੋਕ ਕਰਨਗੇ।

10. ਸਾਡੀ ਸਰਕਾਰ ਦੀ ਨੀਤੀ ਵਿਚ ਭ੍ਰਿਸ਼ਟਾਚਾਰ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਾਡੀ ਸਰਕਾਰ, ਸ਼ਾਸਨ ਪ੍ਰਤੀ ਆਪਣੇ ਦ੍ਰਿਸ਼ਟੀਕੋਣ ਵਿੱਚ ਇੱਕ ਪਾਰਦਰਸ਼ੀ ਅਤੇ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਨੂੰ ਮੁੱਖ ਸਿਧਾਂਤ ਬਣਾਏਗੀ। ਸਾਡੀ ਸਰਕਾਰ ਸੂਬੇ ਵਿੱਚ ਹਰ ਤਰ੍ਹਾਂ ਦੇ ਟਰਾਂਸਪੋਰਟ, ਸ਼ਰਾਬ, ਰੇਤ ਮਾਫੀਆ ਆਦਿ ਨੂੰ ਖਤਮ ਕਰਨ ਲਈ ਵਚਨਬੱਧ ਹੈ। ਇਨ੍ਹਾਂ ਗੈਰ-ਸਮਾਜਿਕ ਅਨਸਰਾਂ ਨੇ ਪਿਛਲੀਆਂ ਸਰਕਾਰਾਂ ਦੌਰਾਨ ਪੰਜਾਬ ਨੂੰ ਲੁੱਟਿਆ ਹੈ ਅਤੇ ਸਰਕਾਰੀ ਖਜ਼ਾਨੇ ਨੂੰ ਹਜ਼ਾਰਾਂ ਕਰੋੜ ਰੁਪਏ ਦਾ ਨੁਕਸਾਨ ਪਹੁੰਚਾਇਆ ਹੈ ਜਿਸ ਦੀ ਵਰਤੋਂ ਆਮ ਲੋਕਾਂ ਦੀ ਭਲਾਈ ਲਈ ਕੀਤੀ ਜਾ ਸਕਦੀ ਸੀ।

11. ਸਿਹਤ ਅਤੇ ਸਿੱਖਿਆ ਕਿਸੇ ਵੀ ਮਨੁੱਖੀ ਅਤੇ ਸਮਾਜਿਕ ਵਿਕਾਸ ਦਾ ਆਧਾਰ ਹਨ। ਸਾਡੀ ਸਰਕਾਰ ਇਨ੍ਹਾਂ ਦੋ ਮਹੱਤਵਪੂਰਨ ਖੇਤਰਾਂ ਵਿੱਚ ਸਰਬਪੱਖੀ ਸੁਧਾਰ ਲਿਆਉਣ ਲਈ ਵਚਨਬੱਧ ਹੈ। ਇਸ ਦੇ ਅਨੁਸਾਰ, ਵਿਦਿਅਕ ਅਤੇ ਸਿਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਅਤੇ ਇਸ ਦਾ ਵਿਸਥਾਰ ਕਰਨ ਲਈ ਨੀਤੀਆਂ ਤਿਆਰ ਕਰਕੇ ਲਾਗੂ ਕੀਤੀਆਂ ਜਾਣਗੀਆਂ।

12. ਮੌਜੂਦਾ ਹਸਪਤਾਲਾਂ ਨੂੰ ਵਿਸ਼ਵ ਪੱਧਰੀ ਬਣਾਇਆ ਜਾਵੇਗਾ ਅਤੇ ਵੱਡੇ ਪੱਧਰ ਤੇ ਨਵੇਂ ਹਸਪਤਾਲ ਬਣਾਏ ਜਾਣਗੇ। ਸਾਡੀ ਸਰਕਾਰ ਇਹ ਯਕੀਨੀ ਬਣਾਏਗੀ ਕਿ

ਹਰ ਨਾਗਰਿਕ ਲਈ ਵਿਸ਼ਵ ਪੱਧਰੀ ਅਤੇ ਕਿਫ਼ਾਇਤੀ ਸਿਹਤ ਸੇਵਾਵਾਂ ਉਪਲੱਬਧ ਹੋਣ। ਪ੍ਰਾਈਵੇਟ ਹਸਪਤਾਲਾਂ ਵਿਚ ਮਿਲਦੇ ਇਲਾਜ ਵਾਂਗ ਸਰਕਾਰੀ ਹਸਪਤਾਲਾਂ ਵਿੱਚ ਰਾਜ ਦੇ ਹਰੇਕ ਨਾਗਰਿਕ ਦਾ ਇਲਾਜ ਬਿਲਕੁਲ ਮੁਫ਼ਤ ਹੋਵੇਗਾ। ਦਵਾਈਆਂ ਹਸਪਤਾਲ ਵਿੱਚ ਹੀ ਮੁਹੱਈਆ ਕਰਵਾਈਆਂ ਜਾਣਗੀਆਂ। ਇਹ ਯਕੀਨੀ ਬਣਾਇਆ ਜਾਵੇਗਾ ਕਿ ਹਸਪਤਾਲਾਂ ਵਿੱਚ ਮਸ਼ੀਨਾਂ ਪੂਰੀ ਸਮਰੱਥਾ ਨਾਲ ਸੁਚਾਰੂ ਢੰਗ ਨਾਲ ਕੰਮ ਕਰਦੀਆਂ ਹੋਣ।

13. ਰਾਜ ਦੇ ਹਰ ਨਾਗਰਿਕ ਨੂੰ ਇੱਕ ਹੈਲਥ ਕਾਰਡ ਜਾਰੀ ਕੀਤਾ ਜਾਵੇਗਾ, ਜਿਸ ਤੇ ਸਮੁੱਚੀ ਜਾਣਕਾਰੀ ਪੂਰੀ ਤਰ੍ਹਾਂ ਡਿਜੀਟਲ ਹੋਵੇਗੀ। ਇਸ ਤੋਂ ਇਲਾਵਾ, ਦਿੱਲੀ ਵਿੱਚ 'ਮੁਹੱਲਾ ਕਲੀਨਿਕਾਂ' ਦੀ ਤਰਜ਼ ਤੇ ਰਾਜ ਭਰ ਵਿੱਚ 16000 ਪਿੰਡ ਅਤੇ ਵਾਰਡ ਕਲੀਨਿਕ ਸਥਾਪਤ ਕੀਤੇ ਜਾਣਗੇ।

14. ਸਾਡੀ ਸਰਕਾਰ ਇਹ ਯਕੀਨੀ ਬਣਾਏਗੀ ਕਿ ਸੜਕ ਦੁਰਘਟਨਾ ਦਾ ਸ਼ਿਕਾਰ ਹੋਏ ਕਿਸੇ ਵੀ ਵਿਅਕਤੀ ਨੂੰ ਬਚਾਇਆ ਜਾਵੇ। ਇਸ ਦੇ ਲਈ ਦਿੱਲੀ ਵਿਚ 'ਫ਼ਰਿਸ਼ਤੇ' ਸਕੀਮ ਦੀ ਤਰਜ਼ ਤੇ ਸੂਬੇ 'ਚ ਇਕ ਯੋਜਨਾ ਸ਼ੁਰੂ ਕੀਤੀ ਜਾਵੇਗੀ, ਜਿਸ ਤਹਿਤ ਸੜਕ ਹਾਦਸੇ ਦੇ ਸ਼ਿਕਾਰ ਵਿਅਕਤੀ ਨੂੰ ਕੋਈ ਵੀ ਵਿਅਕਤੀ ਕਿਸੇ ਵੀ ਹਸਪਤਾਲ ਵਿਚ ਲਿਜਾ ਸਕਦਾ ਹੈ ਜਿੱਥੇ ਉਸ ਦਾ ਮੁਫਤ ਇਲਾਜ ਕੀਤਾ ਜਾਵੇਗਾ। ਭਾਵੇਂ ਹਸਪਤਾਲ ਕਿੰਨਾ ਵੀ ਮਹਿੰਗਾ ਹੋਵੇ ਜਾਂ ਇਲਾਜ ਕਿੰਨਾ ਵੀ ਮਹਿੰਗਾ ਹੈ, ਵਿਅਕਤੀ ਦਾ ਮੁਫਤ ਇਲਾਜ ਕੀਤਾ ਜਾਵੇਗਾ ਅਤੇ ਉਨ੍ਹਾਂ ਦੀ ਜਾਨ ਬਚਾਈ ਜਾਵੇਗੀ।

15. ਸਾਡੀ ਸਰਕਾਰ ਦਾ ਮੰਨਣਾ ਹੈ ਕਿ ਰਾਸ਼ਟਰ ਦੇ ਨਿਰਮਾਣ ਲਈ ਮਿਆਰੀ ਸਿੱਖਿਆ ਦਾ ਹੋਣਾ ਜ਼ਰੂਰੀ ਹੈ। ਸਾਡੀ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਪੂਰੀ ਤਰ੍ਹਾਂ ਤਬਦੀਲੀ ਲਿਆਉਣ ਲਈ ਕੰਮ ਕਰੇਗੀ। ਦਿੱਲੀ ਦੀ ਤਰਜ਼ 'ਤੇ ਸਾਡੀ ਸਰਕਾਰ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰੇਗੀ ਕਿ ਸਰਕਾਰੀ ਸਕੂਲਾਂ ਵਿਚ ਦਿੱਤੀ ਜਾਂਦੀ ਸਿੱਖਿਆ ਪ੍ਰਾਈਵੇਟ ਸਕੂਲਾਂ ਤੋਂ ਵੀ ਬਿਹਤਰ ਹੋਵੇ। ਅਸੀਂ ਇਹ ਯਕੀਨੀ ਬਣਾਵਾਂਗੇ ਕਿ ਆਮ ਲੋਕਾਂ 'ਤੇ ਬੋਝ ਨੂੰ ਘੱਟ ਕਰਨ ਲਈ ਸਕੂਲਾਂ ਦੀਆਂ ਫੀਸਾਂ ਨੂੰ ਨਿਯੰਤ੍ਰਿਤ ਕੀਤਾ ਜਾਵੇ।

16. ਸਾਡੀ ਸਰਕਾਰ ਪੰਜਾਬ ਵਿੱਚ ਸਿੱਖਿਆ ਦੇ ਖੇਤਰ ਵਿੱਚ ਅਨੁਕੂਲ ਮਾਹੌਲ ਬਣਾਉਣ ਲਈ ਵਚਨਬੱਧ ਹੈ। ਪੰਜਾਬ ਦੇ ਜ਼ਿਆਦਾਤਰ ਅਧਿਆਪਕ ਪਿਛਲੇ 18 ਸਾਲਾਂ ਤੋਂ ਸਿਰਫ਼ 10,000 ਰੁਪਏ ਪ੍ਰਤੀ ਮਹੀਨਾ ਤੇ ਕੰਮ ਕਰ ਰਹੇ ਹਨ; ਜੋ ਕਿ ਜ਼ਿਆਦਤੀ ਸੀ। ਅਧਿਆਪਕਾਂ ਨੂੰ ਅਜਿਹੇ ਕਾਰਜ ਸੌਂਪੇ ਹੋਏ ਸਨ ਜਿਨ੍ਹਾਂ ਦਾ ਅਧਿਆਪਨ ਨਾਲ ਕੋਈ ਸਬੰਧ ਨਹੀਂ ਸੀ। ਅਧਿਆਪਕਾਂ ਦੀਆਂ ਅਸਾਮੀਆਂ ਵੱਡੀ ਗਿਣਤੀ ਵਿਚ ਖਾਲੀ ਪਈਆਂ ਹਨ ਅਤੇ ਮੌਜੂਦਾ ਅਧਿਆਪਕਾਂ ਲਈ ਆਧੁਨਿਕ ਅਧਿਆਪਨ ਵਿਧੀਆਂ ਦੀ ਕੋਈ ਸਿਖਲਾਈ ਉਪਲਬਧ ਨਹੀਂ ਹੈ।

17. ਸਾਡੀ ਸਰਕਾਰ ਮੌਜੂਦਾ ਖਾਲੀ ਅਸਾਮੀਆਂ 'ਤੇ ਪੱਕੀ ਭਰਤੀ ਕਰੇਗੀ ਅਤੇ ਮੌਜੂਦਾ ਆਊਟਸੋਰਸ ਅਤੇ ਠੇਕੇ 'ਤੇ ਰੱਖੇ ਅਧਿਆਪਕਾਂ ਦੀਆਂ ਨੌਕਰੀਆਂ ਨੂੰ ਰੈਗੂਲਰ ਕਰਨ ਲਈ ਨੀਤੀ ਤਿਆਰ ਕਰੇਗੀ। ਅਧਿਆਪਨ ਦੀ ਗੁਣਵੱਤਾ ਤੇ ਪ੍ਰਭਾਵ ਪਾਉਣ ਲਈ, ਦੇਸ਼ ਦੀਆਂ ਮੈਨੇਜਮੈਂਟ ਸੰਸਥਾਵਾਂ ਦੇ ਨਾਲ-ਨਾਲ ਅਧਿਆਪਕਾਂ ਨੂੰ ਫਿਨਲੈਂਡ, ਕੈਨੇਡਾ, ਅਮਰੀਕਾ ਅਤੇ ਇੰਗਲੈਂਡ ਵਿੱਚ ਆਧੁਨਿਕ ਅਧਿਆਪਨ ਵਿਧੀਆਂ ਦੀ ਸਿਖਲਾਈ ਲਈ ਵਿਦੇਸ਼ ਭੇਜਿਆ ਜਾਵੇਗਾ। ਅਧਿਆਪਕਾਂ ਨੂੰ ਕੋਈ ਗੈਰ-ਅਧਿਆਪਕੀ ਕੰਮ ਨਹੀਂ ਸੌਂਪਿਆ ਜਾਵੇਗਾ ਤਾਂ ਜੋ ਉਹ ਵਿਦਿਆਰਥੀਆਂ ਨੂੰ ਪੜ੍ਹਾਉਣ ਤੇ ਧਿਆਨ ਦੇ ਸਕਣ ਜਿਸ ਨਾਲ ਸੂਬੇ ਦੀ ਸਿੱਖਿਆ ਦੀ ਗੁਣਵੱਤਾ ਤੇ ਸਕਾਰਾਤਮਕ ਅਸਰ ਪਵੇਗਾ।

18. ਸਾਡੀ ਸਰਕਾਰ ਅਧਿਆਪਕਾਂ ਦੀਆਂ ਤਕਲੀਫ਼ਾਂ ਨੂੰ ਘਟਾਉਣ ਲਈ ਇੱਕ ਪਾਰਦਰਸ਼ੀ ਤਬਾਦਲਾ ਨੀਤੀ ਬਣਾਏਗੀ। ਅਧਿਆਪਕਾਂ ਦੀ ਤਰੱਕੀ ਲਈ ਵੀ ਇਕ ਨੀਤੀ ਹੋਵੇਗੀ। ਅਧਿਆਪਕਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਭਲਾਈ ਲਈ ਕੈਸ਼ਲੈੱਸ ਮੈਡੀਕਲ ਸਹੂਲਤ ਦਾ ਪ੍ਰਬੰਧ ਕੀਤਾ ਜਾਵੇਗਾ।

19. ਪੰਜਾਬ ਵਿੱਚ ਬਿਜਲੀ ਇੱਕ ਵੱਡੀ ਸਮੱਸਿਆ ਹੈ ਅਤੇ ਸਥਿਤੀ ਬਹੁਤ ਖਰਾਬ ਹੈ। ਬਿਜਲੀ ਸਰਪਲੱਸ ਸੂਬਾ ਹੋਣ ਦੇ ਬਾਵਜੂਦ, ਪੰਜਾਬ ਵਿੱਚ ਬਿਜਲੀ ਦੀਆਂ ਦਰਾਂ ਭਾਰਤ ਵਿੱਚ ਸਭ ਤੋਂ ਵੱਧ ਹਨ ਕਿਉਂਕਿ ਪ੍ਰਾਈਵੇਟ ਪਾਵਰ ਪਲਾਂਟਾਂ ਅਤੇ ਸੱਤਾ ਵਿਚ ਬੈਠਿਆਂ ਵਿਚਕਾਰ ਮਿਲੀਭੁਗਤ ਸੀ। ਸਾਡੀ ਸਰਕਾਰ ਪੰਜਾਬ ਦੇ

ਲੋਕਾਂ ਅਤੇ ਖਜ਼ਾਨੇ ਨੂੰ ਇਸ ਮਿਲੀਭੁਗਤ ਤੋਂ ਨਿਜ਼ਾਤ ਦਿਵਾਉਣ ਦਾ ਦ੍ਰਿੜ ਇਰਾਦਾ ਰੱਖਦੀ ਹੈ।

20. ਭਾਵੇਂ ਪਿਛਲੀ ਸਰਕਾਰ ਨੇ ਦੇਸ਼ ਦੇ ਬਾਕੀ ਹਿੱਸਿਆਂ ਦੇ ਮੁਕਾਬਲੇ ਪੰਜਾਬ ਵਿੱਚ ਸਸਤੀ ਬਿਜਲੀ ਦੇਣ ਦਾ ਝੂਠਾ ਪ੍ਰਚਾਰ ਕੀਤਾ ਸੀ ਅਤੇ ਸਾਰੇ ਘਰਾਂ ਦੇ ਬਿੱਲਾਂ ਦੇ ਬਕਾਏ ਜਾਂ ਭੁਗਤਾਨ ਨਾ ਕੀਤੇ ਬਿੱਲਾਂ ਨੂੰ ਮੁਆਫ ਕਰਨ ਦਾ ਝੂਠਾ ਦਾਅਵਾ ਕੀਤਾ ਸੀ ਪਰ ਅਸਲ ਵਿੱਚ ਅਜਿਹਾ ਕੁਝ ਨਹੀਂ ਹੋਇਆ। ਸਾਡੀ ਸਰਕਾਰ ਪੰਜਾਬ ਦੇ ਹਰ ਘਰ ਨੂੰ 300 ਯੂਨਿਟ ਮੁਫਤ ਬਿਜਲੀ ਦੇਣ ਲਈ ਵਚਨਬੱਧ ਹੈ, ਜਿਸ ਨਾਲ ਲਗਭਗ 80% ਘਰਾਂ ਵਿੱਚ ਬਿਜਲੀ ਦਾ ਬਿੱਲ ਖਤਮ ਹੋ ਜਾਵੇਗਾ। ਉਨ੍ਹਾਂ ਘਰੇਲੂ ਬਿਜਲੀ ਕੁਨੈਕਸ਼ਨਾਂ ਨੂੰ, ਜੋ ਬਿਜਲੀ ਦੇ ਬਿੱਲਾਂ / ਬਕਾਏ ਦਾ ਭੁਗਤਾਨ ਨਾ ਕਰਨ ਕਾਰਨ ਕੱਟੇ ਗਏ ਸਨ, ਨੂੰ ਬਹਾਲ ਕਰ ਦਿੱਤਾ ਜਾਵੇਗਾ।

21. ਸਾਡੀ ਸਰਕਾਰ ਪੰਜਾਬ ਵਿੱਚ 24 ਘੰਟੇ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਵਚਨਬੱਧ ਹੈ। ਐਪਰ 24 ਘੰਟੇ ਬਿਜਲੀ ਸਪਲਾਈ ਲਈ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਦੀ ਲੋੜ ਹੋਵੇਗੀ, ਇਸ ਲਈ ਇਸ ਨੂੰ ਲਾਗੂ ਕਰਨ ਵਿੱਚ ਕੁਝ ਸਮਾਂ ਲੱਗੇਗਾ। 24 ਘੰਟੇ ਬਿਜਲੀ ਸਪਲਾਈ ਲਈ ਦੋ ਤੋਂ ਤਿੰਨ ਸਾਲ ਲੱਗ ਜਾਣਗੇ। ਇਹ ਦੱਸਣ ਦੀ ਕੋਈ ਲੋੜ ਨਹੀਂ ਕਿ ਕਿਸਾਨਾਂ ਲਈ ਮੁਫਤ ਬਿਜਲੀ ਅਤੇ ਉਦਯੋਗਾਂ ਲਈ ਟੈਰਿਫ ਦੀ ਮੌਜੂਦਾ ਦਰ ਸਮੇਤ ਸਾਰੀਆਂ ਮੌਜੂਦਾ ਬਿਜਲੀ ਸਕੀਮਾਂ ਜਾਰੀ ਰਹਿਣਗੀਆਂ।

22. ਸਾਡੀ ਸਰਕਾਰ ਕਿਸਾਨਾਂ ਦੇ ਮਸਲਿਆਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਨ ਲਈ ਵਚਨਬੱਧ ਹੈ ਤਾਂ ਜੋ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਘੱਟ ਕੀਤਾ ਜਾ ਸਕੇ। ਅੰਨਦਾਤਾ ਖੁਦ ਨੂੰ ਮਜਬੂਰ ਮਹਿਸੂਸ ਨਾ ਕਰੇ। ਸਾਡੀ ਸਰਕਾਰ ਖੇਤੀਬਾੜੀ ਨੂੰ ਇਕ ਸਨਮਾਨਜਨਕ ਕਿੱਤਾ ਬਣਾ ਕੇ ਲਾਹੇਵੰਦ ਬਣਾਏਗੀ। ਇਸ ਸਾਲ ਦੌਰਾਨ ਕੁਦਰਤੀ ਕਾਰਨਾਂ ਕਾਰਨ ਪ੍ਰਭਾਵਿਤ ਹੋਏ ਕਿਸਾਨਾਂ ਨੂੰ ਨਾ ਸਿਰਫ਼ ਮੁਆਵਜ਼ਾ ਦਿੱਤਾ ਜਾਵੇਗਾ ਸਗੋਂ ਮੁਆਵਜ਼ੇ ਨੂੰ ਉਤਪਾਦਨ ਦੀ ਲਾਗਤ ਦੇ ਅਨੁਪਾਤ ਵਿੱਚ ਵਧਾਇਆ ਜਾਵੇਗਾ। ਫਸਲਾਂ ਦੇ ਨੁਕਸਾਨ ਦਾ ਮੁਆਵਜ਼ਾ 30 ਅਪ੍ਰੈਲ ਤੱਕ ਹਰੇਕ ਪ੍ਰਭਾਵਿਤ ਕਿਸਾਨ ਅਤੇ ਮਜ਼ਦੂਰ ਦੇ ਖਾਤੇ ਵਿੱਚ ਜਮ੍ਹਾ ਕਰਵਾ ਦਿੱਤਾ ਜਾਵੇਗਾ।

23. ਖੇਤੀਬਾੜੀ ਅਤੇ ਪਸ਼ੂ-ਪਾਲਣ ਨੂੰ ਲਾਹੇਵੰਦ ਬਣਾਉਣ ਲਈ ਜਲਦੀ ਹੀ ਇੱਕ ਵਿਸ਼ੇਸ਼ ਯੋਜਨਾ ਦਾ ਅਰੰਭ ਕੀਤਾ ਜਾਵੇਗਾ। ਬਿਜਲੀ, ਗੱਤੇ ਅਤੇ ਖੇਤੀ ਆਧਾਰਿਤ ਉਦਯੋਗਾਂ ਲਈ ਪਰਾਲੀ ਦੀ ਵਰਤੋਂ ਕੀਤੀ ਜਾਵੇਗੀ, ਜਿਸ ਨਾਲ ਪੰਜਾਬ ਦੇ ਨੌਜਵਾਨਾਂ ਨੂੰ ਖੇਤੀ ਨੂੰ ਲਾਹੇਵੰਦ ਬਣਾਉਣ ਲਈ ਰੁਜ਼ਗਾਰ ਮਿਲੇਗਾ। ਪੰਜਾਬ ਦੀਆਂ ਕਿਸਾਨ ਔਰਤਾਂ ਦੀ ਸਹੂਲਤ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਸਾਡੀ ਸਰਕਾਰ ਬੀਜ ਉਤਪਾਦਨ ਨੂੰ ਉਤਸ਼ਾਹਿਤ ਕਰੇਗੀ ਤਾਂ ਜੋ ਪੰਜਾਬ ਇਕ ਬੀਜ-ਹੱਬ ਬਣ ਸਕੇ। ਫ਼ਸਲੀ ਵਿਭਿੰਨਤਾ ਅਤੇ ਬਾਸਮਤੀ, ਕਪਾਹ, ਸਰ੍ਹੋਂ, ਮੱਕੀ ਅਤੇ ਤੇਲ ਬੀਜਾਂ ਹੇਠ ਆਉਂਦੇ ਰਕਬੇ ਤੇ ਧਿਆਨ ਦਿੱਤਾ ਜਾਵੇਗਾ ਤਾਂ ਜੋ ਧਰਤੀ ਹੇਠਲੇ ਪਾਣੀ ਨੂੰ ਵੀ ਬਚਾਇਆ ਜਾ ਸਕੇ।

24. ਭਾਵੇਂ ਪਿਛਲੀਆਂ ਸਰਕਾਰਾਂ ਕਿਸਾਨਾਂ ਨੂੰ ਸੌਇਲ ਹੈਲਥ ਕਾਰਡ (ਐਸਐਚਸੀ) ਵੰਡਣ ਦਾ ਦਾਅਵਾ ਕਰਦੀਆਂ ਹਨ, ਪਰ ਜ਼ਮੀਨੀ ਹਕੀਕਤ ਇਸ ਤੋਂ ਬਿਲਕੁਲ ਵੱਖਰੀ ਹੈ। ਸਾਡੀ ਸਰਕਾਰ ਇਹ ਯਕੀਨੀ ਬਣਾਏਗੀ ਕਿ ਹਰ ਕਿਸਾਨ ਨੂੰ ਉਸ ਦੇ ਖੇਤ ਦਾ ਭੋਂ ਸਿਹਤ ਕਾਰਡ ਮਿਲੇ ਤਾਂ ਜੋ ਉਹ ਉਸ ਅਨੁਸਾਰ ਖਾਦਾਂ ਆਦਿ ਦੀ ਵਰਤੋਂ ਕਰ ਸਕੇ। ਇਸ ਨਾਲ ਉਨ੍ਹਾਂ ਦਾ ਖੇਤੀ ਤੇ ਖਰਚ ਘਟੇਗਾ ਅਤੇ ਆਮਦਨ ਵਧੇਗੀ। ਸਾਡੀ ਸਰਕਾਰ ਮੌਜੂਦਾ ਮਿੱਟੀ ਪਰਖ ਲਬਾਟਰੀਆਂ ਨੂੰ ਮਜ਼ਬੂਤ ਕਰੇਗੀ ਅਤੇ ਬਲੱਕ ਪੱਧਰ ਤੇ ਹੋਰ ਲਬਾਟਰੀਆਂ ਸਥਾਪਿਤ ਕਰੇਗੀ ਤਾਂ ਜੋ ਸਾਰੇ ਕਿਸਾਨ ਇਨ੍ਹਾਂ ਦਾ ਲਾਭ ਲੈ ਸਕਣ।

25. ਸਾਡੀ ਸਰਕਾਰ ਖੇਤੀਬਾੜੀ ਵਿਭਾਗ ਦੇ ਬਲਾਕ ਦਫਤਰਾਂ ਦਾ ਨਵੀਨੀਕਰਨ ਕਰੇਗੀ ਤਾਂ ਜੋ ਸਰਕਾਰ ਦੀਆਂ ਸਕੀਮਾਂ ਦੀ ਜਾਣਕਾਰੀ ਪਿੰਡਾਂ ਦੇ ਹਰ ਘਰ ਤੱਕ ਪਹੁੰਚੇ ਅਤੇ ਲੋਕ ਉਨ੍ਹਾਂ ਸਕੀਮਾਂ ਦਾ ਫ਼ਾਇਦਾ ਉਠਾ ਸਕਣ।

26. ਸਾਡੀ ਸਰਕਾਰ ਪੰਜਾਬ ਵਿੱਚ ਵੈਟਰਨਰੀ ਸੇਵਾਵਾਂ, ਪਸ਼ੂਆਂ ਦੀਆਂ ਨਸਲਾਂ ਦੇ ਜੈਨੇਟਿਕ ਸੁਧਾਰ ਉੱਤੇ ਖੋਜ, ਝੀਂਗਾ ਪਾਲਣ ਅਤੇ ਮਿਆਰੀ ਮੱਛੀ ਬੀਜਾਂ 'ਤੇ ਵਿਸ਼ੇਸ਼ ਜ਼ੋਰ ਦੇਵੇਗੀ। ਡੇਅਰੀ ਸੈਕਟਰ ਦੇ ਵਪਾਰੀਕਰਨ ਅਤੇ ਮਸ਼ੀਨੀਕਰਨ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਉਤਪਾਦਾਂ ਦਾ ਮੁੱਲ ਵਾਧਾ, ਮੰਡੀਕਰਣ, ਬ੍ਰਾਂਡਿੰਗ ਅਤੇ ਵਿਕਰੀ ਵਿਚ ਸਹਿਯੋਗ ਨਾਲ ਸਹਿਕਾਰਤਾ ਨੂੰ ਪ੍ਰੋਤਸਾਹਨ ਦਿੱਤਾ ਜਾਵੇਗਾ। ਦੁੱਧ ਅਤੇ

ਦੁੱਧ ਉਤਪਾਦਾਂ ਵਿੱਚ ਮਿਲਾਵਟਖੋਰੀ ਦੀ ਸਮੱਸਿਆ ਦਾ ਪ੍ਰਭਾਵਸ਼ਾਲੀ ਢੰਗ ਨਾਲ ਨਿਪਟਾਰਾ ਕੀਤਾ ਜਾਵੇਗਾ।

27. ਪੰਜਾਬ ਸ਼ਹੀਦਾਂ ਅਤੇ ਸੂਰਬੀਰਾਂ ਦੀ ਧਰਤੀ ਹੈ ਜਿਨ੍ਹਾਂ ਨੇ ਮਾਤ ਭੂਮੀ ਲਈ ਬੇਮਿਸਾਲ ਕੁਰਬਾਨੀਆਂ ਦਿੱਤੀਆਂ। ਸਾਡੀ ਸਰਕਾਰ ਸੂਬੇ ਦੇ ਉਨ੍ਹਾਂ ਦੇਸ਼ ਭਗਤ ਅਤੇ ਬਹਾਦਰ ਸੈਨਿਕਾਂ ਨੂੰ ਸਲਾਮ ਕਰਦੀ ਹੈ, ਜਿਨ੍ਹਾਂ ਨੇ ਹਮੇਸ਼ਾ ਅਗਵਾਈ ਕੀਤੀ। ਸਾਡੀ ਸਰਕਾਰ ਪੰਜਾਬ ਦੇ ਸ਼ਹੀਦ ਜਵਾਨਾਂ ਦੇ ਪਰਿਵਾਰਾਂ ਨੂੰ ਇੱਕ ਕਰੋੜ ਰੁਪਏ ਦੀ ਰਾਹਤ/ਸਨਮਾਨ ਰਾਸ਼ੀ ਦੇਣ ਲਈ ਵਚਨਬੱਧ ਹੈ।

28. ਸਾਡੀ ਸਰਕਾਰ ਸੂਬੇ ਵਿੱਚ ਅਨੁਸੂਚਿਤ ਜਾਤੀ ਭਾਈਚਾਰੇ ਦੇ ਵਿਕਾਸ ਲਈ ਵਚਨਬੱਧ ਹੈ। ਸਾਡੀ ਸਰਕਾਰ ਵਿਦਿਆਰਥੀਆਂ ਨੂੰ ਮੁਫਤ ਸਿੱਖਿਆ, ਕਾਲਜ ਦੇ ਵਿਦਿਆਰਥੀਆਂ ਲਈ ਮੁਫਤ ਵਿਦੇਸ਼ੀ ਸਿੱਖਿਆ, ਮੁਫਤ ਮੈਡੀਕਲ ਸੇਵਾਵਾਂ ਅਤੇ ਰਾਜ ਦੇ ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਲੋਕਾਂ ਨੂੰ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਮੁਫਤ ਕੋਚਿੰਗ ਪ੍ਰਦਾਨ ਕਰੇਗੀ।

29. ਪਿਛਲੀਆਂ ਸਰਕਾਰਾਂ ਨੇ ਰਾਜ ਦੇ ਸਰਕਾਰੀ ਮੈਡੀਕਲ ਕਾਲਜਾਂ ਨੂੰ ਹਾਸ਼ੀਏ ਤੇ ਧੱਕ ਦਿੱਤਾ ਹੈ। ਜਦੋਂ ਕਿ ਜ਼ਿਲ੍ਹਾ ਪੱਧਰ ਤੇ ਪਟਿਆਲਾ, ਅੰਮ੍ਰਿਤਸਰ ਅਤੇ ਫਰੀਦਕੋਟ ਦੇ ਸਰਕਾਰੀ ਕਾਲਜਾਂ ਵਿੱਚ ਸੀਟਾਂ ਦੀ ਗਿਣਤੀ ਵਿੱਚ ਮਾਮੂਲੀ ਵਾਧਾ ਹੀ ਹੋਇਆ ਹੈ। ਇਸ ਤੋਂ ਇਲਾਵਾ, ਪੰਜਾਬ ਦੇ ਸਰਕਾਰੀ ਕਾਲਜਾਂ ਵਿੱਚ ਐਮ.ਬੀ.ਬੀ.ਐਸ ਦੀਆਂ ਸਿਰਫ਼ 675 ਸੀਟਾਂ ਹਨ ਅਤੇ ਪੰਜਾਬ ਦੇ ਅੱਧੇ ਦਰਜਨ ਪ੍ਰਾਈਵੇਟ ਮੈਡੀਕਲ ਕਾਲਜਾਂ ਵਿੱਚ 770 ਦੇ ਕਰੀਬ ਸੀਟਾਂ ਹਨ ਜਿੱਥੇ ਵਿਦਿਆਰਥੀਆਂ ਤੋਂ ਮੈਡੀਕਲ ਡਿਗਰੀ ਲਈ ਘੱਟੋ-ਘੱਟ 50 ਲੱਖ ਤੋਂ 80 ਲੱਖ ਰੁਪਏ ਫੀਸ ਵਸੂਲੀ ਜਾ ਰਹੀ ਹੈ। ਗ਼ਰੀਬ ਅਤੇ ਮੱਧ ਵਰਗ ਦੇ ਵਿਦਿਆਰਥੀ ਚੰਗੇ ਰੈਂਕ ਦੇ ਬਾਵਜੂਦ ਇਨ੍ਹਾਂ ਸੀਟਾਂ ਨੂੰ ਨਹੀਂ ਲੈ ਸਕਦੇ ਅਤੇ ਅਮੀਰ ਪਰਿਵਾਰਾਂ ਦੇ ਵਿਦਿਆਰਥੀ ਔਸਤ ਰੈਂਕ ਤੇ ਵੀ ਇਹ ਸੀਟਾਂ ਲੈ ਲੈਂਦੇ ਹਨ। ਇਹ ਚਾਹਵਾਨ ਵਿਦਿਆਰਥੀ ਜੋ ਕਿ ਸਾਧਾਰਨ ਅਤੇ ਮੱਧਵਰਗੀ ਪਰਿਵਾਰਾਂ ਨਾਲ ਸਬੰਧਤ ਹਨ, ਯੂਕਰੇਨ ਵਰਗੇ ਦੇਸ਼ਾਂ ਵਿੱਚ ਜਾਣ ਲਈ ਮਜਬੂਰ ਹਨ। ਸਾਡੀ ਸਰਕਾਰ ਸਰਕਾਰੀ ਮੈਡੀਕਲ ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਸੁਧਾਰ ਲਈ ਵੱਡੇ ਕਦਮ ਚੁੱਕੇਗੀ

ਤਾਂ ਜੋ ਪੰਜਾਬ ਦੇ ਵਿਦਿਆਰਥੀਆਂ ਨੂੰ ਵਿਦੇਸ਼ਾਂ ਵਿੱਚ ਪੜ੍ਹਨ ਲਈ ਮਜਬੂਰ ਨਾ ਹੋਣਾ ਪਵੇ।

30. ਪੰਜਾਬ ਦਾ ਭਵਿੱਖ ਇਸ ਦੇ ਨੌਜਵਾਨਾਂ ਨਾਲ ਹੈ ਅਤੇ ਇਹ ਸਾਡੀ ਸਰਕਾਰ ਦੀਆਂ ਤਰਜੀਹਾਂ ਵਿੱਚ ਇੱਕ ਵਿਲੱਖਣ ਸਥਾਨ ਰੱਖਦਾ ਹੈ। ਸੂਬੇ ਦੀ ਸਿਰਜਣਾਤਮਕ ਉੱਨਤੀ ਲਈ ਨੌਜਵਾਨ ਸ਼ਕਤੀ ਨੂੰ ਸ਼ਾਮਲ ਕਰਨ ਲਈ ਹਰ ਸੰਭਵ ਕਦਮ ਚੁੱਕਿਆ ਜਾਵੇਗਾ। ਜਲੰਧਰ ਭਾਵੇਂ ਖੇਡ ਉਦਯੋਗ ਦਾ ਕੇਂਦਰ ਹੋਵੇ ਪਰ ਉੱਥੇ ਨੌਜਵਾਨਾਂ ਨੂੰ ਖੇਡਾਂ ਦੀ ਸਿਖਲਾਈ ਦੇਣ ਲਈ ਕੋਈ ਸੰਸਥਾ ਨਹੀਂ ਹੈ। ਸਾਡੀ ਸਰਕਾਰ ਜਲੰਧਰ ਵਿੱਚ ਦੇਸ਼ ਦੀ ਸਭ ਤੋਂ ਵੱਡੀ ਖੇਡ ਯੂਨੀਵਰਸਿਟੀ ਬਣਾਏਗੀ।

31. ਰਾਜ ਦੇ ਨੌਜਵਾਨਾਂ ਲਈ ਰੁਜ਼ਗਾਰ ਦੀ ਘਾਟ ਸੂਬੇ ਵਿੱਚ ਨਸ਼ਿਆਂ ਦਾ ਵੱਡਾ ਕਾਰਨ ਹੈ ਅਤੇ ਵਿਦੇਸ਼ਾਂ ਵਿੱਚ ਪਰਵਾਸ ਵੀ ਇਸ ਦਾ ਇੱਕ ਵੱਡਾ ਕਾਰਨ ਹੈ। ਅਜਿਹਾ ਪਿਛਲੀਆਂ ਸਰਕਾਰਾਂ ਦੀ ਨਾਕਾਮੀ ਕਾਰਨ ਹੋ ਰਿਹਾ ਹੈ। 2017 ਦੀਆਂ ਪਿਛਲੀਆਂ ਚੋਣਾਂ ਵਿੱਚ ਭਾਵੇਂ ਕਾਂਗਰਸ ਨੇ ਪੰਜਾਬ ਦੇ ਹਰ ਘਰ ਵਿੱਚ ਰੁਜ਼ਗਾਰ ਦੇਣ ਦਾ ਵਾਅਦਾ ਕੀਤਾ ਸੀ ਪਰ ਕਾਂਗਰਸ ਸਰਕਾਰ ਨੇ ਪਿਛਲੇ ਪੰਜ ਸਾਲਾਂ ਵਿੱਚ ਕੁਝ ਵੀ ਨਹੀਂ ਕੀਤਾ। ਰਾਜ ਅੰਦਰ ਨੌਕਰੀਆਂ ਦੀ ਘਾਟ ਨੇ ਇਨ੍ਹਾਂ ਬੱਚਿਆਂ ਨੂੰ ਮੌਕਿਆਂ ਦੀ ਭਾਲ ਵਿੱਚ ਵਿਦੇਸ਼ ਜਾਣ ਲਈ ਮਜਬੂਰ ਕੀਤਾ ਹੈ।

32. ਸਾਡੀ ਸਰਕਾਰ ਪੰਜਾਬ ਵਿੱਚ ਰੁਜ਼ਗਾਰ ਅਤੇ ਕਾਰੋਬਾਰ ਦੇ ਭਰਪੂਰ ਮੌਕੇ ਪ੍ਰਦਾਨ ਕਰਕੇ ਇਸ ਰੁਝਾਨ ਨੂੰ ਠੀਕ ਕਰਨ ਦੇ ਯਤਨ ਕਰੇਗੀ। ਨੌਜਵਾਨਾਂ ਨੂੰ ਨਾ ਸਿਰਫ਼ ਉਨ੍ਹਾਂ ਦੀ ਯੋਗਤਾ ਅਨੁਸਾਰ ਰੁਜ਼ਗਾਰ ਅਤੇ ਤਨਖ਼ਾਹ ਦਿੱਤੀ ਜਾਵੇਗੀ, ਸਗੋਂ ਉਨ੍ਹਾਂ ਨੂੰ ਸਟਾਰਟ-ਅੱਪ ਦੇ ਨਵੇਂ ਮੌਕੇ ਵੀ ਪ੍ਰਦਾਨ ਕੀਤੇ ਜਾਣਗੇ, ਤਾਂ ਜੋ ਉਹ ਰੁਜ਼ਗਾਰ ਪੈਦਾ ਵੀ ਕਰ ਸਕਣ।

33. ਸਾਡੀ ਸਰਕਾਰ ਸੂਬੇ ਦੇ ਕਾਰੋਬਾਰੀਆਂ ਅਤੇ ਵਪਾਰੀਆਂ ਦੀ ਭਲਾਈ ਲਈ ਵਚਨਬੱਧ ਹੈ। ਅਸੀਂ ਇੱਕ ਸੁਖਾਵਾਂ ਮਾਹੌਲ ਸਿਰਜਾਂਗੇ ਤਾਂ ਜੋ ਵਪਾਰ ਅਤੇ ਉਦਯੋਗ ਪ੍ਰਫੁਲਿਤ ਹੋਵੇ। ਆਉਣ ਵਾਲੇ ਪੰਜ ਸਾਲਾਂ ਵਿੱਚ ਨਾ ਤਾਂ ਕੋਈ ਨਵਾਂ ਟੈਕਸ ਲਗਾਇਆ ਜਾਵੇਗਾ ਅਤੇ ਨਾ ਹੀ ਮੌਜੂਦਾ ਟੈਕਸ ਵਿੱਚ ਕੋਈ ਵਾਧਾ ਕੀਤਾ

ਜਾਵੇਗਾ, ਤਾਂ ਜੋ ਸੂਬੇ ਵਿੱਚੋਂ ਕਿਸੇ ਵੀ ਤਰ੍ਹਾਂ ਦੇ ਕਾਰੋਬਾਰ ਬਾਹਰ ਨਾ ਜਾਣ। ਸਾਡੀ ਸਰਕਾਰ ਪੰਜਾਬ ਦੀ ਤਰੱਕੀ ਵਿੱਚ ਵਪਾਰੀਆਂ ਅਤੇ ਉਦਯੋਗਪਤੀਆਂ ਦੀ ਹਿੱਸੇਦਾਰੀ ਨੂੰ ਯਕੀਨੀ ਬਣਾਏਗੀ। ਸਾਡੀ ਸਰਕਾਰ ਇੱਕ ਵਿਸ਼ੇਸ਼ ਕਮਿਸ਼ਨ ਦੀ ਸਥਾਪਨਾ ਕਰੇਗੀ, ਜਿਸ ਵਿੱਚ ਸਿਰਫ਼ ਵਪਾਰੀਆਂ ਅਤੇ ਕਾਰੋਬਾਰੀਆਂ ਦੇ ਮੈਂਬਰ ਸ਼ਾਮਲ ਹੋਣਗੇ, ਜੋ ਫੈਸਲੇ ਲੈਣਗੇ ਅਤੇ ਨੀਤੀਆਂ ਤਿਆਰ ਕਰਨਗੇ। ਸਾਡੀ ਸਰਕਾਰ ਉਚੇਚੇ ਤੌਰ 'ਤੇ ਨਵੇਂ ਉਦਯੋਗ, ਖਾਸ ਕਰਕੇ ਐਮ.ਐਸ.ਐਮ.ਈ ਨੂੰ ਹੁਲਾਰਾ ਦੇਵੇਗੀ, ਜੋ ਪੰਜਾਬ ਦੇ ਉਦਯੋਗਿਕ ਸੈਕਟਰ ਦੀ ਰੀੜ੍ਹ ਦੀ ਹੱਡੀ ਹਨ। ਪੰਜਾਬ ਦੇ ਉਦਯੋਗਾਂ ਦੀਆਂ ਕੰਮਕਾਜੀ ਸਥਿਤੀਆਂ ਵਿੱਚ ਸੁਧਾਰ ਲਿਆਉਣ ਲਈ, ਅਸੀਂ ਆਪਣੇ ਮੌਜੂਦਾ ਉਦਯੋਗਿਕ ਫੋਕਲ ਪੁਆਇੰਟਾਂ ਵਿੱਚ ਨੁਕਸਾਨਗ੍ਰਸਤ ਬੁਨਿਆਦੀ ਢਾਂਚੇ ਨੂੰ ਤੁਰੰਤ ਬਹਾਲ ਕਰਨ ਦੀ ਕੋਸ਼ਿਸ਼ ਕਰਾਂਗੇ। ਉਦਯੋਗਿਕ ਮੁੜ-ਸੁਰਜੀਤੀ ਨੂੰ ਉਤਸ਼ਾਹਿਤ ਕਰਨ ਲਈ, ਵਿਕਸਤ ਉਦਯੋਗਿਕ ਅਸਟੇਟਾਂ ਅਤੇ ਫੋਕਲ ਪੁਆਇੰਟਾਂ ਵਿੱਚ ਅਣ-ਵਰਤੀਆਂ ਜ਼ਮੀਨਾਂ ਉਦਯੋਗਾਂ ਨੂੰ ਪ੍ਰਤੀਯੋਗੀ ਦਰਾਂ 'ਤੇ ਮੁੱਹਈਆ ਕਰਵਾਈਆਂ ਜਾਣਗੀਆਂ।

34. ਜੇਕਰ ਕੋਈ ਚੁਣਿਆ ਹੋਇਆ ਨੁਮਾਇੰਦਾ ਜਾਂ ਕਰਮਚਾਰੀ ਕਾਰੋਬਾਰੀਆਂ ਤੋਂ ਹਿੱਸਾ ਮੰਗਦਾ ਹੈ ਤਾਂ ਸਰਕਾਰ ਵੱਲੋਂ ਤੁਰੰਤ ਕਾਰਵਾਈ ਕੀਤੀ ਜਾਵੇਗੀ। ਸਰਕਾਰ ਵਪਾਰੀਆਂ ਨਾਲ ਮਿਲ ਕੇ ਕੰਮ ਕਰੇਗੀ ਅਤੇ ਕਾਰੋਬਾਰ ਨੂੰ ਉਤਸ਼ਾਹਿਤ ਕਰਨ ਲਈ ਨਵੀਆਂ ਯੋਜਨਾਵਾਂ ਬਣਾਈਆਂ ਜਾਣਗੀਆਂ। ਇੰਸਪੈਕਟਰ ਰਾਜ, ਛਾਪੇਮਾਰੀ ਰਾਜ ਅਤੇ ਨਾਜਾਇਜ਼ ਟੈਕਸ ਨੂੰ ਪੂਰੀ ਤਰ੍ਹਾਂ ਖਤਮ ਕਰਕੇ ਕਾਰੋਬਾਰ ਲਈ ਇਕ ਸੁਖਾਵਾਂ ਮਾਹੌਲ ਸਿਰਜਿਆ ਜਾਵੇਗਾ। ਵਪਾਰੀਆਂ ਵਿਰੁੱਧ ਪਿਛਲੀਆਂ ਸਾਰੀਆਂ ਜਾਅਲੀ ਐਫ.ਆਈ.ਆਰ ਖਾਰਜ ਕੀਤੀਆਂ ਜਾਣਗੀਆਂ। ਸਾਡੀ ਸਰਕਾਰ ਨਿਰਮਾਤਾਵਾਂ ਅਤੇ ਨਿਰਯਾਤਕਾਂ ਨਾਲ ਵੀ ਮਿਲ ਕੇ ਕੰਮ ਕਰੇਗੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਪੰਜਾਬ ਉਤਪਾਦਨ ਵਿਚ ਵਿਸ਼ਵੀ ਪੱਧਰ ਤੇ ਆਪਣੇ ਆਪ ਨੂੰ ਮਜ਼ਬੂਤੀ ਨਾਲ ਸਥਾਪਿਤ ਕਰ ਸਕੇ।

35. ਪ੍ਰਵਾਸੀ ਭਾਰਤੀਆਂ ਦੇ ਸਭ ਤੋਂ ਵੱਡੇ ਹਿੱਸੇ ਵਾਲੇ ਰਾਜਾਂ ਵਿੱਚੋਂ ਪੰਜਾਬ ਇੱਕ ਹੈ। ਕਿਸੇ ਪਿੰਡ, ਕਸਬੇ ਜਾਂ ਸ਼ਹਿਰ ਵਿੱਚ ਸ਼ਾਇਦ ਹੀ ਕੋਈ ਅਜਿਹਾ ਪਰਿਵਾਰ ਹੋਵੇਗਾ, ਜਿਸ ਦੇ ਇੱਕ ਜਾਂ ਵੱਧ ਮੈਂਬਰ ਵਿਦੇਸ਼ ਵਿੱਚ ਨਾ ਰਹਿੰਦੇ ਹੋਣ। ਇਨ੍ਹਾਂ ਪਰਵਾਸੀ ਭਾਰਤੀਆਂ ਦਾ ਯੋਗਦਾਨ ਸੱਚਮੁੱਚ ਬਹੁਤ ਵੱਡਾ ਹੈ ਪਰ ਕਈ ਵਾਰ ਇਸ ਨੂੰ ਘੱਟ ਸਮਝਿਆ ਜਾਂਦਾ ਹੈ। ਸਾਡੀ ਸਰਕਾਰ ਇਸ ਵਰਗ ਨੂੰ ਆਪਣੀਆਂ ਤਰਜੀਹ ਸੂਚੀ ਵਿੱਚ ਅਗੇਤ ਤੇ ਰੱਖਣ ਦਾ ਪ੍ਰਸਤਾਵ ਰੱਖਦੀ ਹੈ। ਦੁਆਬਾ ਖੇਤਰ ਦੇ ਪ੍ਰਵਾਸੀ ਭਾਰਤੀਆਂ ਦੀ ਲੰਮੇ ਸਮੇਂ ਤੋਂ ਮੰਗ ਹੈ ਕਿ ਉਨ੍ਹਾਂ ਦੇ ਇਲਾਕੇ ਵਿੱਚ ਹਵਾਈ ਅੱਡਾ ਬਣਾਇਆ ਜਾਵੇ। ਸਾਡੀ ਸਰਕਾਰ ਉਨ੍ਹਾਂ ਲਈ ਜਲੰਧਰ ਵਿਖੇ ਅੰਤਰਰਾਸ਼ਟਰੀ ਹਵਾਈ ਅੱਡਾ ਬਣਾਉਣ ਲਈ ਵਚਨਬੱਧ ਹੈ। ਇਸ ਤੋਂ ਇਲਾਵਾ, ਸਰਕਾਰ ਪ੍ਰਵਾਸੀ ਭਾਰਤੀਆਂ ਦੇ ਵੱਖ-ਵੱਖ ਮੁੱਦਿਆਂ ਲਈ ਸ਼ਿਕਾਇਤ ਨਿਵਾਰਣ ਪ੍ਰਣਾਲੀ ਨੂੰ ਵੀ ਮਜ਼ਬੂਤ ਬਣਾਏਗੀ।

36. ਬੁਨਿਆਦੀ ਸੇਵਾਵਾਂ ਲੋਕਾਂ ਦਾ ਹੱਕ ਹਨ ਅਤੇ ਇਨ੍ਹਾਂ ਨੂੰ ਲਾਲਫ਼ੀਤੇਸ਼ਾਹੀ ਦਾ ਸ਼ਿਕਾਰ ਨਹੀਂ ਹੋਣਾ ਚਾਹੀਦਾ। ਸਾਡੀ ਸਰਕਾਰ ਰਾਜ ਵਿੱਚ 'ਡੋਰਸਟੈਪ ਡਿਲੀਵਰੀ ਸਰਵਿਸਿਜ਼' ਪ੍ਰਣਾਲੀ ਨੂੰ ਲਾਗੂ ਕਰਨ ਲਈ ਵਚਨਬੱਧ ਹੈ ਤਾਂ ਜੋ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਅਤੇ ਸੇਵਾ ਕੇਂਦਰਾਂ ਵਿੱਚ ਵਿਚੋਲੇ-ਦਲਾਲਾਂ ਅਤੇ ਲੰਬੀਆਂ ਕਤਾਰਾਂ ਤੋਂ ਰਾਹਤ ਮਿਲ ਸਕੇ। ਨਾਗਰਿਕ ਆਪਣੇ ਘਰ ਬੈਠੇ ਹੀ ਸੇਵਾਵਾਂ ਪ੍ਰਾਪਤ ਕਰ ਸਕਣਗੇ। ਇਨ੍ਹਾਂ ਸੇਵਾਵਾਂ ਵਿਚ ਜਾਤੀ ਅਤੇ ਵਿਆਹ ਸਰਟੀਫਿਕੇਟ, ਡਰਾਈਵਿੰਗ ਲਾਇਸੈਂਸ, ਰਾਸ਼ਨ ਕਾਰਡ, ਪਾਣੀ/ਬਿਜਲੀ ਦਾ ਨਵਾਂ ਕੁਨੈਕਸ਼ਨ ਆਦਿ ਵਰਗੀਆਂ ਜ਼ਰੂਰੀ ਜਨਤਕ ਸੇਵਾਵਾਂ ਦੀ ਸੁਵਿਧਾ ਲੈਣਾ ਸ਼ਾਮਲ ਹੋਵੇਗਾ। ਇਸ ਤੋਂ ਇਲਾਵਾ, ਸਾਡੀ ਸਰਕਾਰ ਇੱਕ ਜ਼ਿਲ੍ਹਾ ਪ੍ਰਦਰਸ਼ਨ ਡੈਸ਼ਬੋਰਡ ਤਿਆਰ ਕਰੇਗੀ ਜੋ ਲੋਕਾਂ ਨੂੰ ਸੇਵਾਵਾਂ ਦੇਣ ਵਿੱਚ ਹੋਈ ਦੇਰੀ ਲਈ ਜਵਾਬਦੇਹੀ ਨੂੰ ਯਕੀਨੀ ਬਣਾਏਗਾ।

37. ਸਾਡੀ ਸਰਕਾਰ ਰਾਜ ਵਿੱਚ ਇਸਤਰੀ ਅਧਿਕਾਰਤਾ ਲਈ ਆਪਣੀ ਵਚਨਬੱਧਤਾ ਵਿੱਚ ਦ੍ਰਿੜ ਰਹੇਗੀ ਅਤੇ ਇਸਤਰੀ ਅਧਿਕਾਰਤਾ ਲਈ ਇੱਕ ਯੋਜਨਾ ਤਿਆਰ ਕਰੇਗੀ ਜੋ ਕਿ ਵਿਸ਼ਵ ਭਰ ਵਿੱਚ ਇਸਤਰੀਆਂ ਦੇ ਸਸ਼ਕਤੀਕਰਨ ਲਈ ਹੁਣ ਤੱਕ ਦੀ ਸਭ ਤੋਂ ਵੱਡੀ ਯੋਜਨਾ ਹੋਵੇਗੀ ਅਤੇ ਉਨ੍ਹਾ ਦੇ ਵਿਕਾਸ ਵਿਚ ਮਹੱਤਵਪੂਰਨ

ਭੂਮਿਕਾ ਨਿਭਾਏਗੀ।

38. ਸਾਡੀ ਸਰਕਾਰ ਅਰੰਭ ਵਿਚ, ਇਸ ਯੋਜਨਾ ਤਹਿਤ 18 ਸਾਲ ਤੋਂ ਵੱਧ ਉਮਰ ਦੀ ਹਰ ਇਸਤਰੀ ਨੂੰ 1000 ਰੁਪਏ ਪ੍ਰਤੀ ਮਹੀਨਾ ਜਦੋਂ ਕਿ ਬਜ਼ੁਰਗ ਇਸਤਰੀਆਂ ਨੂੰ ਸੀਨੀਅਰ ਸਿਟੀਜ਼ਨ ਪੈਨਸ਼ਨ ਤੋਂ ਇਲਾਵਾ 1000 ਰੁਪਏ ਦਿੱਤੇ ਜਾਣਗੇ। ਵਿੱਤੀ ਸਾਖਰਤਾ ਯੋਜਨਾ ਦੇ ਥੰਮ੍ਹਾਂ ਵਿੱਚੋਂ ਇੱਕ ਹੋਵੇਗੀ। ਇਸ ਨਾਲ ਉਹ ਆਤਮ-ਨਿਰਭਰ ਅਤੇ ਮਜ਼ਬੂਤ ਹੋਣਗੀਆਂ। ਇਹ ਉਨ੍ਹਾਂ ਨੂੰ ਵਿਕਲਪ ਦੇਵੇਗੀ ਅਤੇ ਵਿੱਤੀ ਸੋਝੀ ਦੇ ਨਾਲ ਇਹ ਬੱਚਤ, ਕਿਫ਼ਾਇਤ ਅਤੇ ਨਿਵੇਸ਼ ਲਈ ਉਤਸ਼ਾਹਿਤ ਕਰੇਗੀ। ਇਹ ਰਕਮ ਉਨ੍ਹਾਂ ਦੀਆਂ ਛੋਟੀਆਂ-ਛੋਟੀਆਂ ਇੱਛਾਵਾਂ ਨੂੰ ਸਨਮਾਨਜਨਕ ਢੰਗ ਨਾਲ ਪੂਰਾ ਕਰਨ ਲਈ ਲਾਹੇਵੰਦ ਹੋਵੇਗੀ ਜਿਵੇਂ ਕਿ- ਸਾਡੇ ਸਮਾਜ ਵਿੱਚ ਵੱਡੀ ਉਮਰ ਦੀਆਂ ਔਰਤਾਂ ਆਪਣੀ ਧੀ ਦੇ ਆਉਣ ਤੇ ਉਨ੍ਹਾਂ ਲਈ ਕੁਝ ਖਰਚ ਕਰਨ ਦੇ ਯੋਗ ਹੋਣਗੀਆਂ, ਗ੍ਰਹਿਣੀਆਂ ਨੂੰ ਆਪਣੇ ਬੱਚਿਆਂ ਲਈ ਵਾਰ-ਵਾਰ ਆਪਣੇ ਪਤੀ ਅੱਗੇ ਹੱਥ ਨਹੀਂ ਅੱਡਣਾ ਪਵੇਗਾ, ਕੁੜੀਆਂ ਨੂੰ ਆਪਣੇ ਪਿਤਾ ਨੂੰ ਪੁੱਛਣ ਦੀ ਲੋੜ ਨਹੀਂ ਪਵੇਗੀ ਕਿ ਉਹ ਬਾਜ਼ਾਰ ਤੋਂ ਆਪਣੇ ਲਈ ਕੁਝ ਖਰੀਦਣਾ ਚਾਹੁੰਦੀਆਂ ਹਨ ਆਦਿ।

39. ਪਿਛਲੇ ਕੁਝ ਸਾਲ ਰਾਜ ਵਿਚ ਕਾਨੂੰਨ ਅਤੇ ਵਿਵਸਥਾ ਦੇ ਟੁੱਟਣ ਅਤੇ ਕਾਨੂੰਨ ਦੇ ਢਹਿ-ਢੇਰੀ ਹੋਣ ਦੀ ਦੂਹਰੀ ਮਾਰ ਦੇ ਗਵਾਹ ਹਨ। ਸਾਡੀ ਸਰਕਾਰ ਦ੍ਰਿੜਤਾ ਨਾਲ ਮੰਨਦੀ ਹੈ ਕਿ ਸ਼ਾਂਤੀ ਬਣਾਈ ਰੱਖਣਾ ਅਤੇ ਨਾਗਰਿਕਾਂ ਦੇ ਜਾਨ-ਮਾਲ ਦੀ ਰਾਖੀ ਕਰਨਾ ਕਿਸੇ ਵੀ ਸਰਕਾਰ ਦੀ ਪਹਿਲੀ ਨੈਤਿਕ ਅਤੇ ਸੰਵਿਧਾਨਕ ਜ਼ਿੰਮੇਵਾਰੀ ਹੈ। ਜਦੋਂ ਕਿ ਸਾਡੀ ਸਰਕਾਰ ਇਹ ਯਕੀਨੀ ਬਣਾਏਗੀ ਕਿ ਰਾਜ ਵਿੱਚ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਇਸ ਸਬੰਧ ਵਿੱਚ ਨਿਰੰਤਰ ਚੌਕਸੀ ਬਣਾਈ ਰੱਖਣ, ਉਨ੍ਹਾਂ ਨੂੰ ਕਿਸੇ ਵੀ ਹਾਲਤ ਵਿੱਚ ਬੇਇਨਸਾਫ਼ੀ ਅਤੇ ਅੰਨ੍ਹੇਵਾਹ ਤਾਕਤ ਦੀ ਵਰਤੋਂ ਰਾਹੀਂ ਆਮ ਨਾਗਰਿਕ ਦੇ ਅਧਿਕਾਰਾਂ ਅਤੇ ਮਾਣ-ਸਨਮਾਨ ਨੂੰ ਕੁਚਲਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਕਾਨੂੰਨ ਦਾ ਰਾਜ ਇੰਨ-ਬਿੰਨ ਰੂਪ ਵਿਚ ਕਾਇਮ ਕੀਤਾ ਜਾਵੇਗਾ। ਇਹ ਨਜ਼ਰੀਏ ਨੂੰ ਹਕੀਕਤ ਅਤੇ ਸੁਫਨਿਆਂ ਨਾਲ ਜੋੜਨ ਦੀ ਦਿਸ਼ਾ ਵਿਚ ਇੱਕ ਦਲੇਰਾਨਾ ਯਤਨ ਹੈ।

40. ਸਾਡੀ ਸਰਕਾਰ ਪੰਜਾਬ ਦੇ ਲੋਕਾਂ ਨੂੰ ਇੱਕ ਇਮਾਨਦਾਰ, ਚੌਕਸ ਅਤੇ ਮਜ਼ਬੂਤ ਸਰਕਾਰ ਦੇਣ ਲਈ ਵਚਨਬੱਧ ਹੈ ਤਾਂ ਜੋ ਸੂਬੇ ਵਿੱਚ ਕੋਈ ਵੀ ਅਪਰਾਧ ਕਰਨ ਦੀ ਹਿੰਮਤ ਨਾ ਕਰੇ ਅਤੇ ਸ਼ਾਂਤੀ ਦਾ ਮਾਹੌਲ ਬਣਿਆ ਰਹੇ। ਸੂਬੇ ਵਿੱਚ, ਬਰਗਾੜੀ ਬੇਅਦਬੀ ਮਾਮਲੇ ਸਮੇਤ ਬੰਬ ਧਮਾਕਿਆਂ, ਬੇਅਦਬੀ ਦੇ ਸਾਰੇ ਮਾਮਲਿਆਂ ਅਤੇ ਗੈਂਗਸਟਰਾਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇਗੀ ਤਾਂ ਜੋ ਉਨ੍ਹਾਂ ਦੇ ਮਾਸਟਰਮਾਈਂਡ ਸਮੇਤ ਸਾਰੇ ਦੋਸ਼ੀਆਂ ਵਿਰੁੱਧ ਕਾਰਵਾਈ ਕੀਤੀ ਜਾ ਸਕੇ।

41. ਇਹ ਯਕੀਨੀ ਬਣਾਇਆ ਜਾਵੇਗਾ ਕਿ ਪੁਲਿਸ ਅਫ਼ਸਰਾਂ ਦੀ ਭ੍ਰਿਸ਼ਟਾਚਾਰ ਮੁਕਤ ਭਰਤੀ ਹੋਵੇ, ਤੈਨਾਤੀਆਂ ਯੋਗਤਾ ਅਤੇ ਇਮਾਨਦਾਰੀ ਦੇ ਆਧਾਰ 'ਤੇ ਹੋਣ ਅਤੇ ਕੋਈ ਵੀ ਚੁਣਿਆ ਹੋਇਆ ਨੁਮਾਇੰਦਾ ਜਾਂ ਸਿਆਸੀ ਆਗੂ ਰਾਜ ਪੁਲਿਸ ਦੇ ਕੰਮਕਾਜ ਵਿੱਚ ਦਖ਼ਲਅੰਦਾਜ਼ੀ ਨਾ ਕਰੇ। ਵੀਆਈਪੀ ਕਲਚਰ ਸਾਡੀ ਸਰਕਾਰ ਦੇ ਲੋਕਾਚਾਰ ਦੇ ਖਿਲਾਫ਼ ਹੈ ਅਤੇ ਸਾਡੀ ਸਰਕਾਰ ਨੇ ਪਹਿਲਾਂ ਹੀ ਨਿਯਮਾਂ ਦੇ ਵਿਰੁੱਧ ਕਿਸੇ ਵੀ ਤਰ੍ਹਾਂ ਦੀ ਵਾਧੂ ਨਿੱਜੀ ਸੁਰੱਖਿਆ ਵਾਪਸ ਲੈ ਕੇ ਪੁਲਿਸ ਬਲ ਦੀ ਦੁਰਵਰਤੋਂ ਨੂੰ ਰੋਕਣ ਲਈ ਕਦਮ ਚੁੱਕੇ ਹਨ। ਪੁਲਿਸ ਬਲਾਂ ਨੂੰ ਜੁਰਮਾਂ ਅਤੇ ਅਮਨ-ਕਾਨੂੰਨ ਦੀਆਂ ਸਥਿਤੀਆਂ ਨਾਲ ਨਜਿੱਠਣ ਲਈ ਮਜ਼ਬੂਤ ਕੀਤਾ ਜਾਵੇਗਾ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਰਾਜ ਵਿੱਚ ਸ਼ਾਂਤੀ ਕਾਇਮ ਰਹੇ। ਪੁਲਿਸ ਫੋਰਸ ਦੇ ਕੰਮਕਾਜ ਦੀਆਂ ਸਥਿਤੀਆਂ ਨੂੰ ਵੀ ਸੁਧਾਰਿਆ ਜਾਵੇਗਾ ਕਿਉਂ ਜੋ ਸਾਡੀ ਸਰਕਾਰ ਇਸ ਤੱਥ ਤੋਂ ਵਾਕਫ਼ ਹੈ ਕਿ ਪੁਲਿਸ ਮੁਸ਼ਕਲ ਹਾਲਾਤਾਂ ਵਿੱਚ ਕੰਮ ਕਰਦੀ ਹੈ ਜਿਸ ਕਾਰਨ ਅਕਸਰ ਤਣਾਅ ਅਤੇ ਸਿਹਤ ਨਾਲ ਜੁੜੀਆਂ ਸਮੱਸਿਆਵਾਂ ਪੈਦਾ ਹੁੰਦੀਆਂ ਹਨ। ਪੁਲਿਸ ਫੋਰਸ ਦੀ ਸੰਵੇਦਨਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਵੀ ਕਦਮ ਚੁੱਕੇ ਜਾਣਗੇ।

42. ਰਾਜ ਦੀਆਂ ਸਰਹੱਦਾਂ ਦੀ ਸਾਵਧਾਨੀ ਨਾਲ ਰਾਖੀ ਕੀਤੀ ਜਾਵੇਗੀ ਤਾਂ ਜੋ ਕੋਈ ਵੀ ਅਤਿਵਾਦੀ ਰਾਜ ਵਿੱਚ ਦਾਖਲ ਨਾ ਹੋ ਸਕੇ ਅਤੇ ਸਰਹੱਦ ਪਾਰੋਂ ਨਸ਼ਿਆਂ ਦੀ ਤਸਕਰੀ ਨਾ ਹੋ ਸਕੇ। ਸਾਡੀ ਸਰਕਾਰ ਇਹ ਯਕੀਨੀ ਬਣਾਏਗੀ ਕਿ ਪੁਲਿਸ ਬਲ ਸਰਹੱਦ ਪਾਰ ਤੋਂ ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਤਸਕਰੀ ਲਈ ਵਰਤੇ ਜਾ ਰਹੇ ਡਰੋਨਾਂ ਸਮੇਤ ਸਰਹੱਦ ਪਾਰ ਤੋਂ ਕਿਸੇ ਵੀ ਖਤਰੇ ਨੂੰ ਟਾਲਣ ਅਤੇ ਰੋਕਣ

ਲਈ ਨਵੀਨਤਮ ਅਤੇ ਬਿਹਤਰੀਨ ਤਕਨੀਕ ਨਾਲ ਲੈਸ ਹੋਣ।

43. ਸਾਡੀ ਸਰਕਾਰ ਔਰਤਾਂ ਦੀ ਸੁਰੱਖਿਆ ਅਤੇ ਅਪਰਾਧਾਂ ਨੂੰ ਰੋਕਣ ਲਈ ਸੁਰੱਖਿਆ ਉਪਾਵਾਂ ਨੂੰ ਲਾਗੂ ਕਰਨ ਦੇ ਰਾਹ ਵਿੱਚ ਫੰਡਾਂ ਦੀ ਕਮੀ ਨਹੀਂ ਆਉਣ ਦੇਵੇਗੀ। ਪੂਰੇ ਰਾਜ ਨੂੰ ਸੀ.ਸੀ.ਟੀ.ਵੀ. ਨੈੱਟਵਰਕ ਨਾਲ ਕਵਰ ਕੀਤਾ ਜਾਵੇਗਾ ਜੋ ਸੂਬੇ ਵਿੱਚ ਅਪਰਾਧ ਦਰ ਨਾਲ ਨਜਿੱਠਣ ਵਿੱਚ ਮਦਦ ਕਰੇਗਾ।

44. ਸਾਡੀ ਸਰਕਾਰ ਛੇ ਮਹੀਨਿਆਂ ਵਿੱਚ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੇਗੀ। ਐਪਰ, ਬੇਕਸੂਰ ਲੋਕਾਂ ਵਿਰੁੱਧ ਪਿਛਲੀਆਂ ਸਾਰੀਆਂ ਜਾਅਲੀ ਐਫ.ਆਈ.ਆਰ ਨੂੰ ਰੱਦ ਕਰ ਦਿੱਤਾ ਜਾਵੇਗਾ ਅਤੇ ਲੋਕਾਂ ਦੇ ਮਨਾਂ ਵਿੱਚੋਂ ਡਰ ਦੇ ਭਾਵ ਨੂੰ ਖਤਮ ਕਰ ਦਿੱਤਾ ਜਾਵੇਗਾ।

45. ਕਰਮਚਾਰੀ ਕਿਸੇ ਵੀ ਸਰਕਾਰ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਅਤੇ ਸੇਵਾਵਾਂ ਪ੍ਰਦਾਨ ਕਰਨ ਦੀ ਇੱਕੋ ਇੱਕ ਪ੍ਰਣਾਲੀ ਹੁੰਦੇ ਹਨ। ਪਿਛਲੀ ਸਰਕਾਰ ਨੇ ਇਸ ਅਹਿਮ ਤਬਕੇ ਨੂੰ ਸ਼ਾਹੀ ਅਣਗਹਿਲੀ ਦਾ ਸ਼ਿਕਾਰ ਬਣਾਇਆ। ਸਾਡੀ ਸਰਕਾਰ ਇਸ ਨੂੰ ਖਤਮ ਕਰਨ ਲਈ ਦ੍ਰਿੜ ਹੈ ਕਿਉਂਕਿ ਇਹ ਹਰ ਮੁਲਾਜ਼ਮ ਨੂੰ ਖੁਸ਼ਹਾਲ ਪੰਜਾਬ ਦੇ ਆਪਣੇ ਸੁਪਨੇ ਵਿੱਚ ਭਾਈਵਾਲ ਸਮਝਦੀ ਹੈ।

46. ਸਾਡੀ ਸਰਕਾਰ ਆਂਗਣਵਾੜੀ ਅਤੇ ਆਸ਼ਾ ਵਰਕਰਾਂ ਦੀ ਭਲਾਈ ਲਈ ਵਚਨਬੱਧ ਹੈ। ਉਨ੍ਹਾਂ ਦੀ ਤਨਖਾਹ ਅਤੇ ਪ੍ਰੋਤਸਾਹਨ ਰਾਸ਼ੀ ਦੁੱਗਣੀ ਕੀਤੀ ਜਾਵੇਗੀ।

47. ਸਾਡੀ ਸਰਕਾਰ ਸੂਬੇ ਦੇ ਵਕੀਲਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਵਚਨਬੱਧ ਹੈ। ਅਦਾਲਤਾਂ ਦੇ ਅਹਾਤਿਆਂ ਵਿੱਚ ਉਨ੍ਹਾਂ ਲਈ ਚੈਂਬਰ ਬਣਾਏ ਜਾਣਗੇ। ਸਾਡੀ ਸਰਕਾਰ ਉਨ੍ਹਾਂ ਨੂੰ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਬੀਮਾ ਕਵਰ ਪ੍ਰਦਾਨ ਕਰੇਗੀ।

48. ਸਾਡੀ ਸਰਕਾਰ ਸੂਬੇ ਵਿੱਚ ਟਰਾਂਸਪੋਰਟ ਮਾਫੀਆ ਨੂੰ ਖਤਮ ਕਰਨ ਅਤੇ ਟਰਾਂਸਪੋਰਟ ਸੈਕਟਰ ਦੇ ਸਾਰੇ ਮੁੱਦਿਆਂ ਨੂੰ ਹੱਲ ਕਰਨ ਲਈ ਵਚਨਬੱਧ ਹੈ। ਟਰਾਂਸਪੋਰਟ ਸੈਕਟਰ ਲਈ 10 ਤੋਂ 15 ਮੈਂਬਰਾਂ ਦਾ ਇੱਕ ਕਮਿਸ਼ਨ ਬਣਾਇਆ ਜਾਵੇਗਾ, ਜਿਸ

ਵਿੱਚ ਰਾਜ ਟਰਾਂਸਪੋਰਟ ਯੂਨੀਅਨਾਂ ਦੇ ਨੁਮਾਇੰਦੇ ਸ਼ਾਮਲ ਹੋਣਗੇ। ਨਵੀਂ ਟਰਾਂਸਪੋਰਟ ਨੀਤੀ ਕਮਿਸ਼ਨ ਦੁਆਰਾ ਤਿਆਰ ਕੀਤੀ ਜਾਵੇਗੀ। ਇਸ ਕਮਿਸ਼ਨ ਦੇ ਫੈਸਲਿਆਂ ਨੂੰ ਸਰਕਾਰ ਵੱਲੋਂ ਲਾਗੂ ਕੀਤਾ ਜਾਵੇਗਾ ਤਾਂ ਜੋ ਟਰੱਕ ਅਪਰੇਟਰਾਂ ਸਮੇਤ ਇਸ ਕਾਰੋਬਾਰ ਵਿੱਚ ਆਉਣ ਵਾਲੇ ਲੋਕਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਸਮੇਂ-ਸਮੇਂ ਤੇ ਕੀਤਾ ਜਾ ਸਕੇ।

49. ਲੁਧਿਆਣਾ, ਬਠਿੰਡਾ, ਅੰਮ੍ਰਿਤਸਰ ਅਤੇ ਜਲੰਧਰ ਸਮੇਤ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਸਫਾਈ ਇਕ ਗੰਭੀਰ ਮੁੱਦਾ ਹੈ। ਸ਼ਹਿਰਾਂ ਦੇ ਮੌਜੂਦਾ ਬਾਜ਼ਾਰਾਂ ਵਿੱਚ ਸੜਕਾਂ ਟੁੱਟੀਆਂ ਹੋਈਆਂ ਹਨ ਅਤੇ ਬਾਜ਼ਾਰਾਂ ਵਿੱਚ ਕੋਈ ਜਨਤਕ ਪਖਾਨੇ ਜਾਂ ਪਾਰਕਿੰਗ ਦੀ ਢੁਕਵੀਂ ਸਹੂਲਤ ਨਹੀਂ ਹੈ। ਸਾਡੀ ਸਰਕਾਰ ਸ਼ਹਿਰਾਂ ਵਿੱਚ ਸੀਵਰੇਜ, ਨਿਕਾਸੀ, ਠੋਸ ਰਹਿੰਦ-ਖੂੰਹਦ ਦੇ ਪ੍ਰਬੰਧਨ ਸਮੇਤ ਬਿਹਤਰੀਨ ਸਵੱਛਤਾ ਸਹੂਲਤਾਂ ਮੁਹੱਈਆ ਕਰਵਾਏਗੀ ਤਾਂ ਜੋ ਉਨ੍ਹਾਂ ਦਾ ਸੁੰਦਰੀਕਰਣ ਹੋ ਸਕੇ। ਇਸ ਤੋਂ ਇਲਾਵਾ, ਸਾਡੀ ਸਰਕਾਰ ਵੱਲੋਂ ਪਾਰਕਿੰਗ, ਜਨਤਕ ਪਖਾਨੇ ਅਤੇ ਬਾਜ਼ਾਰਾਂ ਲਈ ਹੋਰ ਸਹੂਲਤਾਂ ਸਮੇਤ ਢੁਕਵਾਂ ਬੁਨਿਆਦੀ ਢਾਂਚਾ ਬਣਾਇਆ ਜਾਵੇਗਾ।

50. ਪੰਜਾਬ ਗੁਰੂਆਂ-ਪੀਰਾਂ ਦੀ ਧਰਤੀ ਹੈ ਅਤੇ ਗੁਰਬਾਣੀ ਵਿੱਚ ਵੀ ਵਾਤਾਵਰਨ ਨੂੰ ਵਿਸ਼ੇਸ਼ ਮਹੱਤਵ ਦਿੱਤਾ ਗਿਆ ਹੈ। ਗੁਰੂ ਨਾਨਕ ਦੇਵ ਜੀ ਨੇ ਆਪਣੀ ਬਾਣੀ 'ਪਵਣੁ ਗੁਰੂ, ਪਾਣੀ ਪਿਤਾ, ਮਾਤਾ ਧਰਤਿ ਮਹਤੁ' ਰਾਹੀਂ ਹਵਾ ਨੂੰ ਗੁਰੂ, ਪਾਣੀ ਨੂੰ ਪਿਤਾ ਅਤੇ ਧਰਤੀ ਨੂੰ ਮਾਤਾ ਦਾ ਦਰਜਾ ਦਿੱਤਾ ਹੈ। ਮਨੁੱਖੀ ਤੰਦਰੁਸਤੀ ਦਾ ਵਾਤਾਵਰਣ ਨਾਲ ਨੇੜਲਾ ਸਬੰਧ ਹੈ। ਪਿਛਲੇ ਕੁਝ ਦਹਾਕਿਆਂ ਵਿੱਚ, ਕੁਦਰਤੀ ਸਰੋਤਾਂ ਉੱਤੇ ਮਨੁੱਖੀ ਦਬਾਅ ਨੇ ਵਾਤਾਵਰਣ ਤੇ ਬਹੁਤ ਮਾੜਾ ਪ੍ਰਭਾਵ ਪਾਇਆ ਹੈ। ਸਾਡੀ ਸਰਕਾਰ ਵਾਤਾਵਰਣ ਨੂੰ ਸੁਧਾਰਨ ਲਈ ਨਵੀਆਂ ਪਹਿਲਕਦਮੀਆਂ ਕਰੇਗੀ।

51. ਸਾਡੀ ਸਰਕਾਰ ਸਾਡੀਆਂ ਨਦੀਆਂ ਦੇ ਪਾਣੀ ਦੀ ਗੁਣਵੱਤਾ ਨੂੰ ਸੁਧਾਰਨ ਵੱਲ ਵਿਸ਼ੇਸ਼ ਧਿਆਨ ਦੇਵੇਗੀ। ਇਸ ਨੂੰ ਪ੍ਰਾਪਤ ਕਰਨ ਲਈ, ਉਦਯੋਗਿਕ ਖੇਤਰਾਂ ਲਈ ਸਾਂਝੇ ਗੰਦੇ ਪਾਣੀ ਦੇ ਟਰੀਟਮੈਂਟ ਪਲਾਂਟ ਅਤੇ ਸਾਰੇ ਸ਼ਹਿਰਾਂ ਅਤੇ ਕਸਬਿਆਂ ਲਈ

ਸੀਵਰੇਜ ਟ੍ਰੀਟਮੈਂਟ ਪਲਾਂਟ ਸਥਾਪਿਤ ਕੀਤੇ ਜਾਣਗੇ।

52. ਸਾਡੀ ਸਰਕਾਰ ਪਿੰਡਾਂ ਦੇ ਛੱਪੜਾਂ ਦੀ ਸਫ਼ਾਈ ਅਤੇ ਸੁਧਾਰ ਤੇ ਵੀ ਵਿਸ਼ੇਸ਼ ਜ਼ੋਰ ਦੇਵੇਗੀ ਜੋ ਜ਼ਮੀਨੀ ਪਾਣੀ ਦੇ ਰੀਚਾਰਜ ਰਾਹੀਂ ਪਾਣੀ ਦੇ ਪੱਧਰ ਨੂੰ ਸੁਧਾਰਨ ਵਿੱਚ ਵੀ ਸਹਾਈ ਹੋਵੇਗਾ।

53. ਸਾਡੀ ਸਰਕਾਰ ਪੰਜਾਬ ਵਾਸੀਆਂ ਨੂੰ ਸ਼ੁੱਧ ਹਵਾ ਪ੍ਰਦਾਨ ਕਰਨ ਲਈ ਠੋਸ ਕਦਮ ਚੁੱਕੇਗੀ। ਪ੍ਰਦੂਸ਼ਣ ਕਰਨ ਵਾਲੇ ਜੈਵਿਕ ਬਾਲਣ ਜਿਵੇਂ ਕੋਲਾ, ਫਰਨੇਸ ਆਇਲ ਆਦਿ ਦੀ ਵਰਤੋਂ ਕਰਨ ਵਾਲੇ ਉਦਯੋਗਾਂ ਨੂੰ ਕੁਦਰਤੀ ਗੈਸ ਅਤੇ ਹੋਰ ਸਾਫ਼ ਬਾਲਣ ਦੀ ਵਰਤੋਂ ਕਰਨ ਲਈ ਤਕਨੀਕੀ ਮਾਰਗਦਰਸ਼ਨ ਪ੍ਰਦਾਨ ਕੀਤਾ ਜਾਵੇਗਾ ਅਤੇ ਇਸ ਲਈ ਜ਼ਰੂਰੀ ਨੀਤੀਗਤ ਉਪਰਾਲੇ ਕੀਤੇ ਜਾਣਗੇ।

54. ਖੇਤਾਂ ਵਿੱਚ ਪਰਾਲੀ ਸਾੜਨ ਦੀ ਸਮੱਸਿਆ ਨਾਲ ਨਜਿੱਠਣ ਲਈ, ਸਾਡੀ ਸਰਕਾਰ ਬਿਜਲੀ ਉਤਪਾਦਨ ਅਤੇ ਉਦਯੋਗਿਕ ਆਦਿ ਬਾਲਣ ਵਜੋਂ ਝੋਨੇ ਦੀ ਪਰਾਲੀ ਦੀ ਵਰਤੋਂ ਵਰਗੇ ਤਕਨਾਲੋਜੀ ਆਧਾਰਿਤ ਸਮਾਧਾਨਾਂ ਨੂੰ ਪ੍ਰਦਰਸ਼ਿਤ ਅਤੇ ਉਤਸ਼ਾਹਿਤ ਕਰੇਗੀ।

55. ਟਰਾਂਸਪੋਰਟ ਸੈਕਟਰ ਤੋਂ ਹੋਣ ਵਾਲੇ ਪ੍ਰਦੂਸ਼ਣ ਨੂੰ ਘਟਾਉਣ ਲਈ ਇਲੈਕਟ੍ਰਿਕ ਵਾਹਨ, ਸੀਐਨਜੀ ਨਾਲ ਚੱਲਣ ਵਾਲੇ ਵਾਹਨਾਂ ਆਦਿ ਵਰਗੇ ਨਵੇਂ ਤਕਨੀਕੀ ਬਦਲ ਨੂੰ ਉਤਸ਼ਾਹਿਤ ਕੀਤਾ ਜਾਵੇਗਾ। ਹਵਾ ਦੀ ਗੁਣਵੱਤਾ ਦੀ ਨਿਗਰਾਨੀ ਲਈ ਬੁਨਿਆਦੀ ਢਾਂਚੇ ਨੂੰ ਵੀ ਮਜ਼ਬੂਤ ਕੀਤਾ ਜਾਵੇਗਾ।

56. ਸਾਡੀ ਸਰਕਾਰ ਨੇ ਅਜਿਹੇ ਸਮੇਂ ਵਿੱਚ ਆਪਣਾ ਕਾਰਜਭਾਰ ਸੰਭਾਲਿਆ ਹੈ ਜਦੋਂ ਰਾਜ ਇੱਕ ਗੰਭੀਰ ਆਰਥਿਕ ਸੰਕਟ ਦੇ ਸ਼ਿਕੰਜੇ ਵਿੱਚ ਹੈ ਅਤੇ ਪਿਛਲੀ ਸਰਕਾਰ ਦੁਆਰਾ ਲਏ ਗਏ ਕਰਜ਼ੇ ਰਾਜ ਦੇ ਕੁੱਲ ਯੋਜਨਾ ਖਰਚੇ ਨੂੰ ਪਾਰ ਕਰ ਗਏ ਹਨ। ਬੇਰੁਜ਼ਗਾਰੀ ਦੀ ਗੰਭੀਰਤਾ ਭਿਆਨਕ ਅਨੁਪਾਤ ਤੱਕ ਪਹੁੰਚ ਗਈ ਹੈ ਅਤੇ ਲਗਾਤਾਰ ਵਧ ਰਹੀ ਹੈ। ਮਹਿੰਗਾਈ ਨੇ ਆਮ ਆਦਮੀ ਖਾਸ ਕਰਕੇ ਗਰੀਬਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ। ਇਹ ਆਰਥਿਕ ਸੰਕਟ ਪੱਖਪਾਤ ਵਾਲੀਆਂ

ਤਰਜੀਹਾਂ ਦੇ ਨਾਲ-ਨਾਲ ਅਣਗਹਿਲੀ ਦਾ ਨਤੀਜਾ ਹੈ। ਪਿਛਲੀਆਂ ਸਰਕਾਰਾਂ ਦੀ ਵਿੱਤੀ ਪ੍ਰਬੰਧਨ ਪ੍ਰਤੀ ਪਹੁੰਚ ਕਾਰਨ ਗੰਭੀਰ ਵਿਗਾੜ ਆਏ ਹਨ, ਜਿਸ ਕਾਰਨ ਰਾਜ ਪਤਨ ਵੱਲ ਜਾ ਰਿਹਾ ਹੈ। ਇਹਨਾਂ ਚਿੰਤਾਵਾਂ ਨੂੰ ਪਰਮ-ਅਗੇਤ ਦੇ ਅਧਾਰ ਤੇ ਹੱਲ ਕੀਤਾ ਜਾਣਾ ਹੈ, ਅਤੇ ਸਾਡੀ ਸਰਕਾਰ ਇਸ ਪ੍ਰਕਿਰਿਆ ਨੂੰ ਤੁਰੰਤ ਸ਼ੁਰੂ ਕਰਨ ਦਾ ਪ੍ਰਸਤਾਵ ਰੱਖਦੀ ਹੈ।

57. ਪਿਛਲੇ ਕੁਝ ਸਾਲਾਂ ਤੋਂ ਰਾਜ ਦੀ ਵਿੱਤੀ ਸਥਿਤੀ ਮੁੱਖ ਤੌਰ ਤੇ ਪ੍ਰਾਪਤੀਆਂ ਅਤੇ ਖਰਚਿਆਂ ਵਿੱਚ ਮੇਲ ਨਾ ਹੋਣ ਕਾਰਨ ਦਬਾਅ ਹੇਠ ਰਹੀ ਹੈ। ਕਈ ਸਾਲਾਂ ਤੋਂ ਵੱਡੇ ਵਿੱਤੀ ਘਾਟੇ ਦੇ ਬਣੇ ਰਹਿਣ ਕਾਰਨ ਕਰਜੇ ਵਿਚ ਹੈਰਾਨੀਜਨਕ ਵਾਧਾ ਹੋਇਆ ਹੈ, ਜੋ ਹੁਣ 3.5 ਲੱਖ ਕਰੋੜ ਰੁਪਏ ਤੱਕ ਪਹੁੰਚ ਗਿਆ ਹੈ। ਭਾਰਤ ਸਰਕਾਰ ਦੇ ਨਿਯਮਾਂ ਅਨੁਸਾਰ ਰਾਜ ਨੂੰ ਕਰਜ਼ੇ ਦੇ ਬੋਝ ਵਾਲੇ ਰਾਜ ਵਜੋਂ ਸ਼੍ਰੇਣੀਬੱਧ ਕੀਤਾ ਗਿਆ ਹੈ। ਭਾਰਤੀ ਰਿਜ਼ਰਵ ਬੈਂਕ ਦੀ ਰਾਜ ਵਿੱਤ ਰਿਪੋਰਟ 2021-22 ਦੇ ਅਨੁਸਾਰ, ਪੰਜਾਬ ਦਾ ਕਰਜ਼ਾ - ਕੁੱਲ ਰਾਜ ਘਰੇਲੂ ਉਤਪਾਦ (ਜੀਐਸਡੀਪੀ) ਅਨੁਪਾਤ 42.5% ਹੈ - ਜੋ ਕਿ ਜੰਮੂ ਅਤੇ ਕਸ਼ਮੀਰ, ਅਰੁਣਾਚਲ ਪ੍ਰਦੇਸ਼ ਅਤੇ ਨਾਗਾਲੈਂਡ ਤੋਂ ਬਾਅਦ ਸਭ ਤੋਂ ਵੱਧ ਹੈ। ਇਹ ਸਪੱਸ਼ਟ ਤੌਰ ਤੇ ਪੰਜਾਬ ਨੂੰ ਭਾਰਤ ਦਾ ਸਭ ਤੋਂ ਵੱਡਾ ਕਰਜ਼ਦਾਰ ਸੂਬਾ ਬਣਾਉਂਦਾ ਹੈ।

58. ਵਧਦੇ ਕਰਜ਼ੇ ਦਾ ਬੋਝ ਬਹੁਤ ਚਿੰਤਾ ਦਾ ਵਿਸ਼ਾ ਹੈ ਅਤੇ ਸਾਡੀ ਸਰਕਾਰ ਇਸ ਸਥਿਤੀ ਨੂੰ ਸੁਧਾਰਨ ਲਈ ਹਰ ਸੰਭਵ ਕੋਸ਼ਿਸ਼ ਕਰੇਗੀ। ਸਾਡੀ ਸਰਕਾਰ ਆਮ ਲੋਕਾਂ, ਕਾਰੋਬਾਰੀਆਂ, ਵਪਾਰੀਆਂ, ਕਿਸਾਨਾਂ, ਔਰਤਾਂ, ਨੌਜਵਾਨਾਂ ਅਤੇ ਮੁਲਾਜ਼ਮਾਂ ਤੋਂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਵਧੀਆ ਹੱਲ ਕੱਢਣ ਲਈ ਸੁਝਾਅ ਲਵੇਗੀ ਅਤੇ ਉਨ੍ਹਾਂ ਦੇ ਸੁਝਾਵਾਂ ਨੂੰ ਧਿਆਨ ਵਿੱਚ ਰੱਖ ਕੇ ਰਾਜ ਦਾ ਬਜਟ ਤਿਆਰ ਕੀਤਾ ਜਾਵੇਗਾ। ਰਾਜ ਦੇ ਅਣਗੌਲੇ ਅਤੇ ਵਾਂਝੇ ਵਰਗਾਂ ਦੀ ਰਾਏ ਬਜਟ ਅਤੇ ਸਰਕਾਰੀ ਸਕੀਮਾਂ ਵਿੱਚ ਝਲਕਦੀ ਨਜ਼ਰ ਆਵੇਗੀ।

59. ਅੰਤ ਵਿੱਚ, ਮੈਂ ਸੂਬੇ ਨੂੰ ਸ਼ਾਂਤੀ, ਵਿਕਾਸ ਅਤੇ ਖੁਸ਼ਹਾਲੀ ਦੇ ਰਾਹ ਤੇ ਅੱਗੇ ਲਿਜਾਣ ਲਈ ਆਪਣੀ ਸਰਕਾਰ ਦੇ ਸੰਕਲਪ ਨੂੰ ਦੁਹਰਾਉਣਾ ਚਾਹਾਂਗਾ। ਇਸ

ਲਈ ਸਾਰਿਆਂ ਦੇ ਸਹਿਯੋਗ ਦੀ ਅਤੇ ਮਦਦ ਦੀ ਲੋੜ ਹੋਵੇਗੀ, ਭਾਵੇਂ ਕੋਈ ਕਿਸੇ ਵੀ ਸਿਆਸੀ ਧਿਰ ਨਾਲ ਸਬੰਧਤ ਹੋਵੇ ਹੋਵੇ। ਇਸ ਸਬੰਧ ਵਿਚ ਸਾਡੀ ਸਰਕਾਰ ਵਿਸ਼ੇਸ਼ ਤੌਰ ਤੇ ਵਿਰੋਧੀ ਪਾਰਟੀ ਵੱਲ ਦੋਸਤੀ ਅਤੇ ਸਹਿਯੋਗ ਦਾ ਹੱਥ ਵਧਾਉਂਦੀ ਹੈ। ਇਹ ਅਤੀਤ ਦੀ ਕੁੜੱਤਣ ਨੂੰ ਅਤੀਤ ਵਿਚ ਹੀ ਦਫ਼ਨ ਕਰਨ ਲਈ ਦ੍ਰਿੜ ਹੈ। ਇਹ ਸ਼ਾਂਤੀ, ਖੁਸ਼ਹਾਲੀ ਅਤੇ ਸਰਬਪੱਖੀ ਵਿਕਾਸ ਦੇ ਆਪਣੇ ਟੀਚੇ ਦੀ ਸਮਾਂਬੱਧ ਪੂਰਤੀ ਲਈ ਅੱਗੇ ਵਧਣ ਲਈ ਪ੍ਰਤੀਬੱਧ ਹੈ। ਸਾਡੀ ਸਰਕਾਰ ਪੂਰੇ ਸਮਰਪਣ ਅਤੇ ਵਚਨਬੱਧਤਾ ਨਾਲ, ਪੰਜਾਬ ਦੀ ਸਮਰੱਥਾ ਵਿੱਚ ਵਿਸ਼ਵਾਸ ਰੱਖਦਿਆਂ ਅਤੇ ਇਸਦੇ ਨਾਗਰਿਕਾਂ ਦੇ ਸਹਿਯੋਗ ਨਾਲ, ਪੰਜਾਬ ਸੂਬੇ ਨੂੰ ਬੁਲੰਦੀਆਂ ਤੇ ਪਹੁੰਚਾਉਣ ਲਈ ਕੰਮ ਕਰੇਗੀ ਕਿਉਂ ਕਿ ਸਾਨੂੰ ਪਤਾ ਹੈ ਕਿ ਪੰਜਾਬ ਦੇਸ਼ ਦਾ ਨੰਬਰ ਇਕ (1) ਰਾਜ ਬਣ ਸਕਦਾ ਹੈ।

60. ਮੈਂ ਤੁਹਾਡੇ ਸਾਰਿਆਂ ਲਈ ਬਹੁਤ ਖੁਸ਼ਹਾਲ ਅਤੇ ਸਾਰਥਕ ਕਾਰਜਕਾਲ ਦੀ ਕਾਮਨਾ ਕਰਦਾ ਹਾਂ ਅਤੇ ਮੈਨੂੰ ਭਰੋਸਾ ਹੈ ਕਿ ਸਦਨ ਵਿੱਚ ਹੋਣ ਵਾਲੇ ਵਿਚਾਰ-ਵਟਾਂਦਰੇ ਸਾਰੀਆਂ ਰਾਜਨੀਤਿਕ ਰੁਕਾਵਟਾਂ ਨੂੰ ਪਾਰ ਕਰਨਗੇ ਅਤੇ ਲੋਕਤੰਤਰੀ ਕਦਰਾਂ-ਕੀਮਤਾਂ, ਮਾਣ-ਸਨਮਾਨ ਦੀਆਂ ਉੱਚ ਪਰੰਪਰਾਵਾਂ ਨੂੰ ਦਰਸਾਉਣਗੇ ਅਤੇ ਰਾਜ ਦੀ ਤਰੱਕੀ ਅਤੇ ਭਲਾਈ ਦੇ ਮੱਦੇਨਜ਼ਰ ਆਪਣੀਆਂ ਚਿੰਤਾਵਾਂ ਨੂੰ ਥੋੜ੍ਹੇ ਸਮੇਂ ਦੇ ਸਿਆਸੀ ਲਾਭਾਂ ਤੋਂ ਉੱਪਰ ਰੱਖਿਆ ਜਾਵੇਗਾ।

**ਜੈ ਹਿੰਦ !**

10770/03-2022/550/ਪੰਜਾਬ ਸਰਕਾਰ ਪ੍ਰੈਸ,ਐਸ.ਏ.ਐਸ ਨਗਰ।